ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-12 ISSUE 2184 | 5 August, 2025 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ਼ ਦੁਨੀਆਂ | +1 (209) 303-1260

# ਭਾਰਤ ਰੂਸ ਦੀ ਜੰਗੀ ਮਸ਼ੀਨ ਦਾ ਇੰਜਣ ਬਣ ਗਿਆ... ਟਰੰਪ ਨੇ ਲਗਾਇਆ ਵੱਡਾ ਦੋਸ਼, ਟੈਰਿਫ ਹੋਰ ਵਧਾਉਣ ਦੀ ਦਿੱਤੀ ਧਮਕੀ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਵਾਰ ਫਿਰ ਭਾਰਤ ‘ਤੇ ਸਿੱਧਾ ਨਿਸ਼ਾਨਾ ਸਾਧਿਆ ਹੈ। ਰੂਸ ਤੋਂ ਤੇਲ ਖਰੀਦਣ ਅਤੇ ਖੁੱਲ੍ਹੇ ਬਾਜ਼ਾਰ ਵਿੱਚ ਇਸਦੀ ਵਿਕਰੀ ਬਾਰੇ, ਟਰੰਪ ਨੇ ਦੋਸ਼ ਲਗਾਇਆ ਕਿ ਭਾਰਤ ਯੂਕਰੇਨ ਯੁੱਧ ਵਿੱਚ ਰੂਸੀ ਜੰਗੀ ਮਸ਼ੀਨ ਨੂੰ ਅਸਿੱਧੇ ਤੌਰ ‘ਤੇ ਤਾਕਤ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰਤ ਨਾ ਸਿਰਫ਼ ਘੱਟ ਕੀਮਤ ‘ਤੇ ਰੂਸੀ ਕੱਚਾ ਤੇਲ ਖਰੀਦ ਰਿਹਾ ਹੈ, ਸਗੋਂ ਇਸਨੂੰ ਰਿਫਾਈਨ ਕਰ ਰਿਹਾ ਹੈ ਅਤੇ ਵੱਡੇ ਮੁਨਾਫ਼ੇ ‘ਤੇ ਵੇਚ ਰਿਹਾ ਹੈ। ਟਰੰਪ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ ਠਰੁਟਹ ਸ਼ੋਚਿਓਲ ‘ਤੇ ਲਿਖਿਆ, ਭਾਰਤ ਨਾ ਸਿਰਫ਼ ਵੱਡੀ ਮਾਤਰਾ ਵਿੱਚ ਰੂਸੀ ਤੇਲ ਖਰੀਦ ਰਿਹਾ ਹੈ, ਸਗੋਂ ਖੁੱਲ੍ਹੇ ਬਾਜ਼ਾਰ ਵਿੱਚ ਭਾਰੀ ਮੁਨਾਫ਼ੇ ‘ਤੇ ਖਰੀਦਿਆ ਗਿਆ ਜ਼ਿਆਦਾਤਰ ਤੇਲ ਵੀ ਵੇਚ ਰਿਹਾ ਹੈ। ਉਸਨੂੰ ਇਸ ਗੱਲ ਦੀ ਕੋਈ ਪਰਵਾਹ ਨਹੀਂ ਹੈ ਕਿ ਰੂਸੀ ਜੰਗੀ ਮਸ਼ੀਨ ਦੁਆਰਾ ਯੂਕਰੇਨ ਵਿੱਚ ਕਿੰਨੇ ਲੋਕ ਮਾਰੇ ਜਾ ਰਹੇ ਹਨ। ਇਸ ਕਾਰਨ, ਮੈਂ ਭਾਰਤ ‘ਤੇ ਹੋਰ ਟੈਰਿਫ ਲਗਾਵਾਂਗਾ।

ਟਰੰਪ ਪਹਿਲਾਂ ਹੀ ਭਾਰਤ ‘ਤੇ 25 ਪ੍ਰਤੀਸ਼ਤ ਟੈਰਿਫ ਲਗਾਉਣ ਦਾ ਐਲਾਨ ਕਰ ਚੁੱਕੇ ਹਨ। ਉਨ੍ਹਾਂ ਨੇ ਰੂਸ ਤੋਂ ਫੌਜੀ ਉਪਕਰਣ ਅਤੇ ਕੱਚਾ ਤੇਲ ਖਰੀਦਣ ‘ਤੇ ਅਸਪਸ਼ਟ ਜੁਰਮਾਨੇ ਬਾਰੇ ਵੀ ਗੱਲ ਕੀਤੀ ਹੈ। ਇਸ ਵਾਰ ਉਨ੍ਹਾਂ ਨੇ ਟੈਰਿਫ ਨੂੰ ਕਾਫ਼ੀ ਹੱਦ ਤੱਕ ਵਧਾਉਣ ਦੀ ਗੱਲ ਕੀਤੀ ਹੈ, ਯਾਨੀ ਕਿ ਵੱਡੇ ਪੱਧਰ ‘ਤੇ। ਹਾਲਾਂਕਿ, ਉਨ੍ਹਾਂ ਨੇ ਇਹ ਸਪੱਸ਼ਟ ਨਹੀਂ ਕੀਤਾ ਕਿ ਨਵਾਂ ਟੈਰਿਫ



ਪ੍ਰਤੀਸ਼ਤ ਕੀ ਹੋਵੇਗਾ। ਪਹਿਲੀ ਵਾਰ, ਟਰੰਪ ਨੇ ਭਾਰਤ ਦੀ ਰੂਸ ਨੀਤੀ ਨੂੰ ਯੂਕਰੇਨ ਵਿੱਚ ਹੋਈਆਂ ਮੌਤਾਂ ਨਾਲ ਜੋੜ ਕੇ ਇੱਕ ਵੱਖਰਾ ਰੂਪ ਦਿੱਤਾ।

ਅਮਰੀਕਾ ਭਾਰਤ ਦਾ ਦੂਜਾ ਸਭ ਤੋਂ ਵੱਡਾ ਨਿਰਯਾਤ ਬਾਜ਼ਾਰ ਹੈ। ਭਾਰਤ ਨੂੰ ਕੱਪੜਾ, ਆਟੋ ਪਾਰਟਸ, ਦਵਾਈਆਂ ਅਤੇ ਸਟੀਲ ਵਰਗੇ ਕਈ ਖੇਤਰਾਂ ਵਿੱਚ ਭਾਰੀ ਨੁਕਸਾਨ ਹੋ ਸਕਦਾ ਹੈ। ਅਮਰੀਕਾ ਚਾਹੁੰਦਾ ਹੈ ਕਿ ਭਾਰਤ ਰੂਸ ਤੋਂ ਦੂਰੀ ਬਣਾ ਲਵੇ, ਪਰ ਭਾਰਤ ਰੂਸ ਨੂੰ ਛੱਡਣਾ ਨਹੀਂ ਚਾਹੁੰਦਾ। ਇਸ ਕਾਰਨ ਦਬਾਅ ਹੋਰ ਵਧੇਗਾ। ਭਾਰਤ ਨੇ ਸਸਤਾ ਰੂਸੀ ਕੱਚਾ ਤੇਲ ਰਿਫਾਈਨ ਕੀਤਾ ਹੈ ਅਤੇ ਯੂਰਪੀ ਦੇਸ਼ਾਂ ਨੂੰ ਡੀਜ਼ਲ ਅਤੇ ਪੈਟਰੋਲ ਭੇਜਿਆ ਹੈ। ਹੁਣ ਅਮਰੀਕਾ ਇਸਨੂੰ ਮੁੜ-ਵੇਚਣ ਵਾਲੇ ਕੇਂਦਰ ਵਜੋਂ ਸ਼ੱਕ ਕਰ ਰਿਹਾ ਹੈ।

# ਫਿਲੀਪੀਨਜ਼ ਦੇ ਰਾਸ਼ਟਰਪਤੀ ਅੱਜ ਪੀ.ਐਮ ਨਰਿੰਦਰ ਮੋਦੀ ਨਾਲ ਕਰਨਗੇ ਮੁਲਾਕਾਤ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਭਾਰਤ ਅਤੇ ਫਿਲੀਪੀਨਜ਼ ਵਿਚਕਾਰ ਦੋਸਤੀ ਦੀ 75ਵੀਂ ਵਰ੍ਹੇਗੰਢ ਦੇ ਮੌਕੇ 'ਤੇ, ਫਿਲੀਪੀਨਜ਼ ਦੇ ਰਾਸ਼ਟਰਪਤੀ ਫਰਡੀਨੈਂਡ ਆਰ. ਮਾਰਕੋਸ ਜੂਨੀਅਰ ਆਪਣੀ ਪਹਿਲੀ ਭਾਰਤ ਫੇਰੀ 'ਤੇ ਨਵੀਂ ਦਿੱਲੀ ਪਹੁੰਚੇ ਹਨ। ਉਨ੍ਹਾਂ ਦੀ ਪੰਜ ਦਿਨਾਂ ਦੀ ਫੇਰੀ ਅਜਿਹੇ ਸਮੇਂ 'ਤੇ ਆ ਰਹੀ ਹੈ ਜਦੋਂ ਦੋਵੇਂ ਦੇਸ਼ ਦੱਖਣੀ ਚੀਨ ਸਾਗਰ ਵਿੱਚ ਚੀਨ ਦੀ ਧੱਕੇਸ਼ਾਹੀ ਦੇ ਵਿਰੁੱਧ ਇਕੱਠੇ ਖੜ੍ਹੇ ਹਨ, ਜਿਸ ਨਾਲ ਇਸ ਫੇਰੀ ਦੀ ਰਣਨੀਤਕ ਮਹੱਤਤਾ ਵਧ ਗਈ ਹੈ। ਅੱਜ ਇਸ ਫੇਰੀ ਦਾ ਸਭ ਤੋਂ ਮਹੱਤਵਪੂਰਨ ਦਿਨ ਹੈ, ਜਦੋਂ ਰਾਸ਼ਟਰਪਤੀ ਮਾਰਕੋਸ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਦੁਵੱਲੀ ਗੱਲਬਾਤ ਕਰਨਗੇ।

ਅੱਜ ਇੱਕ ਮਹੱਤਵਪੂਰਨ ਦਿਨ ਹੈ: ਪ੍ਰਧਾਨ ਮੰਤਰੀ ਮੋਦੀ ਨਾਲ ਦੁਵੱਲੀ ਗੱਲਬਾਤ

ਰਾਸ਼ਟਰਪਤੀ ਮਾਰਕੋਸ ਦਿਨ ਦੀ ਸ਼ੁਰੂਆਤ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਭੇਟ ਕਰਕੇ ਕਰਨਗੇ।

1. ਰਾਜਘਾਟ 'ਤੇ ਸ਼ਰਧਾਂਜਲੀ: ਉਹ ਪਹਿਲਾਂ ਰਾਜਘਾਟ ਜਾਣਗੇ ਅਤੇ ਬਾਪੂ ਨੂੰ ਸ਼ਰਧਾਂਜਲੀ ਦੇਣਗੇ।
2. ਹੈਦਰਾਬਾਦ ਹਾਊਸ ਵਿਖੇ ਮੁਲਾਕਾਤ: ਇਸ ਤੋਂ ਬਾਅਦ, ਉਹ ਸਿੱਧੇ ਹੈਦਰਾਬਾਦ ਹਾਊਸ ਪਹੁੰਚਣਗੇ, ਜਿੱਥੇ ਉਨ੍ਹਾਂ ਦੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਦੁਵੱਲੀ ਮੁਲਾਕਾਤ ਹੋਵੇਗੀ। ਇਸ ਮੁਲਾਕਾਤ ਵਿੱਚ ਰੱਖਿਆ, ਵਪਾਰ ਅਤੇ ਡਿਜੀਟਲ ਤਕਨਾਲੋਜੀ ਵਰਗੇ ਕਈ ਮਹੱਤਵਪੂਰਨ ਮੁੱਦਿਆਂ 'ਤੇ ਚਰਚਾ ਕੀਤੀ ਜਾਵੇਗੀ।
3. ਸਮਝੌਤਿਆਂ ਦਾ ਆਦਾਨ-ਪ੍ਰਦਾਨ: ਮੀਟਿੰਗ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਕਾਰ ਕਈ ਮਹੱਤਵਪੂਰਨ ਸਮਝੌਤਿਆਂ (ਐਮਓਯੂ) ਦਾ ਵੀ ਆਦਾਨ-ਪ੍ਰਦਾਨ ਕੀਤਾ ਜਾਵੇਗਾ।
4. ਹੋਰ ਮੁਲਾਕਾਤਾਂ: ਇਸ ਤੋਂ ਬਾਅਦ ਉਹ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਕੇਂਦਰੀ ਸਿਹਤ ਮੰਤਰੀ ਅਤੇ ਭਾਜਪਾ ਪ੍ਰਧਾਨ ਜੇਪੀ ਨੱਡਾ ਨਾਲ ਵੀ ਮੁਲਾਕਾਤ ਕਰਨਗੇ।

ਰਾਸ਼ਟਰਪਤੀ ਮਾਰਕੋਸ ਦਾ ਇਹ ਦੌਰਾ ਖਾਸ ਕਿਉਂ ਹੈ?

ਇਹ ਦੌਰਾ ਕਈ ਤਰੀਕਿਆਂ ਨਾਲ ਇਤਿਹਾਸਕ ਹੈ। ਰਾਸ਼ਟਰਪਤੀ ਬਣਨ ਤੋਂ ਬਾਅਦ ਮਾਰਕੋਸ ਦੀ ਇਹ ਨਾ ਸਿਰਫ਼ ਭਾਰਤ ਦੀ ਪਹਿਲੀ ਫੇਰੀ ਹੈ, ਸਗੋਂ ਇਹ ਭਾਰਤ-ਫਿਲੀਪੀਨਜ਼ ਕੂਟਨੀਤਕ ਸਬੰਧਾਂ ਦੀ 75ਵੀਂ ਵਰ੍ਹੇਗੰਢ ਦੇ ਵਿਸ਼ੇਸ਼ ਮੌਕੇ ਨਾਲ ਵੀ ਮੇਲ ਖਾਂਦਾ ਹੈ। ਦੋਵਾਂ ਦੇਸ਼ਾਂ ਵਿਚਕਾਰ ਕੂਟਨੀਤਕ ਸਬੰਧ ਨਵੰਬਰ 1949 ਵਿੱਚ ਸਥਾਪਿਤ ਹੋਏ ਸਨ। ਆਪਣੀ ਫੇਰੀ ਦੇ ਆਖਰੀ ਦੋ ਦਿਨਾਂ ਵਿੱਚ, ਰਾਸ਼ਟਰਪਤੀ ਮਾਰਕੋਸ ਬੰਗਲੁਰੂ ਵੀ ਜਾਣਗੇ।



Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Space availabe for Ad
Contact #
+1 (209) 303-1260

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots

Packages fit to your budget
Contact: Barjesh 209-541-0641
Email: lambavideoproduction@yahoo.com




RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260


THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137


PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof

Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

**CALL TODAY TO BUY/SELL YOUR REAL ESTATE/ BUSINESS**





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties

For more properties or business, contact us.






**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ SANJHI SOCH

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road, Suite H2-167 Modesto, CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਬਿਹਾਰ ਚੋਣਾਂ: ਧਮਾਕੇਦਾਰ ਸਥਿਤੀ



ਗੁਰਮੀਤ ਸਿੰਘ ਪਲਾਹੀ
98158-02070

ਗ਼ਰੀਬਾਂ ਦੇ ਕੋਲ ਵੋਟ ਦੀ ਤਾਕਤ ਤੋਂ ਇਲਾਵਾ ਹੋਰ ਬਹੁਤ ਕੁਝ ਹੈ ਹੀ ਨਹੀਂ। ਜੇਕਰ ਦੇਸ਼ ਵਿੱਚ ਗ਼ਰੀਬਾਂ ਤੇ ਕਮਜ਼ੋਰਾਂ ਤੋਂ ਉਹਨਾਂ ਦਾ ਵੋਟ-ਹੱਕ ਖੋਹ ਲਿਆ ਜਾਂਦਾ ਹੈ, ਤਾਂ ਉਹਨਾਂ ਵਿੱਚ ਨਿਰਾਸ਼ਾ ਵਧੇਗੀ, ਜੋ ਦੇਸ਼ ਨੂੰ ਅਰਾਜਕਤਾ ਵੱਲ ਧੱਕੇਗੀ। ਇਹ ਅਰਾਜਕਤਾ ਆਖਰਕਾਰ ਵਿਦਰੋਹ ਪੈਦਾ ਕਰੇਗੀ।

ਬਿਹਾਰ ਵਿੱਚ ਭਾਰਤੀ ਚੋਣ ਕਮਿਸ਼ਨ ਉੱਤੇ ਇਲਜ਼ਾਮ ਲੱਗ ਰਹੇ ਹਨ ਕਿ ਉਸ ਵੱਲੋਂ ਵੋਟਰ ਸੂਚੀ ਦੇ "ਸ਼ੁੱਧੀਕਰਨ" ਦੇ ਨਾਂ 'ਤੇ ਲੋਕਾਂ ਦੀਆਂ ਵੋਟਾਂ ਕੱਟੀਆਂ ਜਾ ਰਹੀਆਂ ਹਨ। ਬਿਹਾਰ 'ਚ ਲੋਕਾਂ ਵਿੱਚ ਇਸ ਮਹੱਤਵਪੂਰਨ ਮਸਲੇ 'ਤੇ ਹਾਹਾਕਾਰ ਮਚੀ ਹੋਈ ਹੈ। ਬਿਹਾਰ ਦੇ ਵੋਟਰਾਂ ਵਿੱਚ ਘਬਰਾਹਟ ਅਤੇ ਭਰਮ ਦੀ ਸਥਿਤੀ ਬਣੀ ਹੋਈ ਹੈ ਕਿਉਂਕਿ ਬੇਸਹਾਰਾ ਲੋਕ ਆਪਣਾ ਵੋਟ-ਹੱਕ ਮੰਗ ਰਹੇ ਹਨ। ਭਾਰਤੀ ਚੋਣ ਕਮਿਸ਼ਨ ਵੋਟਰ ਦੀ ਪ੍ਰਮਾਣਿਕਤਾ ਲਈ ਪਛਾਣ ਦੇ ਤੌਰ 'ਤੇ ਆਧਾਰ ਕਾਰਡ, ਵੋਟਰ ਕਾਰਡ ਅਤੇ ਰਾਸ਼ਨ ਕਾਰਡ ਤੋਂ ਇਲਾਵਾ ਹੋਰ ਦਸਤਾਵੇਜ਼ ਸਬੂਤ ਵਜੋਂ ਮੰਗ ਰਿਹਾ ਹੈ। ਉਹ ਲੋਕ ਜਿਹੜੇ ਅਨਪੜ੍ਹ ਹਨ, ਉਹ ਇਹ ਸਬੂਤ ਕਿਥੋਂ ਲਿਆਉਣਗੇ?

2023 ਵਿੱਚ ਹੋਈ ਜਾਤੀ ਜਨਗਣਨਾ ਅਨੁਸਾਰ, ਬਿਹਾਰ ਵਿੱਚ ਤਿੰਨ ਫ਼ੀਸਦੀ ਦਲਿਤ, ਪੰਜ ਫ਼ੀਸਦੀ ਅਤਿ ਪਛੜੇ ਅਤੇ ਸਿਰਫ਼ ਸੱਤ ਫ਼ੀਸਦੀ ਮੁਸਲਮਾਨ ਬਾਰਵੀਂ ਪਾਸ ਸਨ। ਜਦ ਕਿ 2011 ਦੀ ਜਨਗਣਨਾ ਅਨੁਸਾਰ, ਬਿਹਾਰ ਵਿੱਚ ਲਗਭਗ 50 ਫ਼ੀਸਦੀ ਔਰਤਾਂ ਅਤੇ 40 ਫ਼ੀਸਦੀ ਮਰਦ ਅਨਪੜ੍ਹ ਹਨ। ਇਹ ਲੋਕ ਹੋਰ ਪਛਾਣ ਪੱਤਰ ਕਿਵੇਂ ਅਤੇ ਕਿੱਥੋਂ ਪੈਦਾ ਕਰਨਗੇ? ਤੇ ਕਿਵੇਂ ਆਪਣਾ ਵੋਟ ਹੱਕ ਪ੍ਰਾਪਤ ਕਰਨਗੇ?

ਬਿਹਾਰ ਚੋਣਾਂ ਵਿੱਚ ਹਾਲੇ 110 ਦਿਨ ਬਾਕੀ ਹਨ। ਸ਼ਾਇਦ ਪਹਿਲੀ ਵਾਰ ਹੋਵੇ ਕਿ ਬਿਹਾਰ 'ਚ ਵੋਟ ਲਿਸਟ ਮੁੱਦਾ ਇੰਨਾ ਭਾਰੀ ਬਣਿਆ ਹੋਇਆ ਹੈ। ਮਾਹੌਲ ਗਰਮ ਹੈ। ਵਿਰੋਧੀ ਸਿਆਸੀ ਧਿਰਾਂ ਪਾਰਲੀਮੈਂਟ ਦੇ ਅੰਦਰ ਬਾਹਰ ਹੰਗਾਮਾ ਕਰ ਰਹੀਆਂ ਹਨ। ਇਹ ਮਾਮਲਾ ਹੁਣ ਸੁਪਰੀਮ ਕੋਰਟ ਵਿੱਚ ਵੀ ਪਹੁੰਚ ਚੁੱਕਾ ਹੈ। ਬਿਹਾਰ 'ਚ ਵੱਡਾ ਹੰਗਾਮਾ ਹੋਣ ਦਾ ਕਾਰਨ ਦਿੱਲੀ ਦੀ ਹਾਕਮ ਧਿਰ ਵੱਲੋਂ ਹਰ ਹੀਲੇ ਬਿਹਾਰ ਚੋਣਾਂ ਜਿੱਤਣ ਲਈ ਕੀਤੀਆਂ ਜਾਣ ਵਾਲੀਆਂ ਕੋਸ਼ਿਸ਼ਾਂ ਹਨ। ਉਸ ਵਾਸਤੇ ਪਹਿਲਾ ਹਥਿਆਰ ਵੋਟਰਾਂ ਦੇ "ਸ਼ੁੱਧੀਕਰਨ" ਦਾ ਵਰਤਿਆ ਜਾ ਰਿਹਾ ਹੈ, ਕਿਉਂਕਿ ਦਿੱਲੀ ਦੀ ਹਾਕਮ ਧਿਰ ਇਹ ਸਮਝਦੀ ਹੈ ਕਿ ਜੇਕਰ ਉਹ ਬਿਹਾਰ ਹਾਰ ਜਾਂਦੇ ਹਨ, ਤਾਂ ਨਿਤੀਸ਼ ਕੁਮਾਰ ਮੁੱਖ ਮੰਤਰੀ ਬਿਹਾਰ ਦੀ ਪਾਰਟੀ ਉਸ ਨੂੰ ਕੇਂਦਰ ਵਿੱਚ ਸਮਰਥਨ ਤੋਂ ਮੁੱਖ ਮੋੜ ਸਕਦੀ ਹੈ।

ਬਿਹਾਰ ਵਿੱਚ ਸੱਤਾਧਾਰੀ ਐਨ.ਡੀ.ਏ. ਅਤੇ ਵਿਰੋਧੀ ਗਠਜੋੜ ਇੱਕ ਦੂਜੇ ਉੱਤੇ ਹਮਲਾਵਰ ਹਨ। ਭਾਵੇਂ ਫਿਲਹਾਲ ਮੁੱਖ ਮਸਲਾ ਵੋਟਰ ਸੂਚੀ ਵਿੱਚੋਂ ਲੱਖਾਂ ਵੋਟਰਾਂ ਦੇ ਨਾਂ ਕੱਟੇ ਜਾਣ ਦਾ ਹੈ। ਕਿਹਾ ਜਾ ਰਿਹਾ ਹੈ ਕਿ ਕੁਝ ਅਯੋਗ ਵੋਟਰਾਂ ਦੇ ਨਾਵਾਂ ਤੋਂ ਇਲਾਵਾ ਬਹੁਤ ਸਾਰੇ ਯੋਗ ਵੋਟਰਾਂ ਦੇ ਨਾਵਾਂ ਉੱਤੇ ਵੀ ਕੈਂਚੀ ਫੇਰ ਦਿੱਤੀ ਜਾਵੇਗੀ।

ਬਿਹਾਰ 'ਚ ਭਾਰਤੀ ਚੋਣ ਕਮਿਸ਼ਨ ਦੀ 01-08-2025 ਦੀ ਰਿਪੋਰਟ ਅਨੁਸਾਰ ਕੁੱਲ 7.9 ਕਰੋੜ ਵੋਟਰਾਂ ਵਿੱਚੋਂ 7.24 ਕਰੋੜ ਵੋਟਰਾਂ ਨੇ ਆਪਣੇ ਫਾਰਮ ਜਮ੍ਹਾਂ ਕਰਵਾਏ। ਕੁੱਲ ਮਿਲਾਕੇ 65,64,075 ਵੋਟਰਾਂ ਦੇ ਨਾਮ ਵੋਟਰ ਸੂਚੀਆਂ 'ਚੋਂ ਕੱਟ ਦਿੱਤੇ ਗਏ, ਜਿਹਨਾ ਵਿੱਚੋਂ 36,28,210 ਪੱਕੇ ਤੌਰ 'ਤੇ ਸੂਬਾ ਛੱਡ ਚੁੱਕੇ ਹਨ ਅਤੇ 7,01,364 ਇੱਕ ਤੋਂ ਵੱਧ ਥਾਵਾਂ 'ਤੇ ਇਨਰੋਲ ਹੋਣ ਕਾਰਨ ਆਪਣਾ ਵੋਟ ਹੱਕ ਬਿਹਾਰ ਵਿੱਚੋਂ ਗੁਆ ਚੁੱਕੇ ਹਨ। ਕੁੱਲ 22,34,501 ਵੋਟਰਾਂ ਦੇ ਨਾਮ ਲੋੜੀਂਦੇ ਫਾਰਮ ਨਾ ਭਰੇ ਜਾਣ ਕਾਰਨ ਵੋਟਰ ਸੂਚੀ ਵਿੱਚੋਂ ਕੱਟ ਦਿੱਤੇ ਗਏ, ਜਿਹਨਾ ਵਿੱਚ ਬਿਹਾਰ ਦੇ 10 ਜ਼ਿਲਿਆਂ - ਮਧੂਬਨੀ (3,52,542), ਈਸਟ ਚੰਪਾਰਨ (3,16,793), ਪੂਰਨੀਆ (2,73,920), ਸੀਤਾਮੜੀ (2,44,962), ਪਟਨਾ (3,95,500), ਗੋਪਾਲਗੰਜ (3,10,363), ਸਮਸਤੀਪੁਰ (2,83,955), ਮੁਜ਼ੱਫਰਪੁਰ (2,82,845), ਸਾਰਨ (2,73,223), ਗਯਾ (2,45,663) ਦੇ ਲੋਕ ਸ਼ਾਮਲ ਹਨ। ਇਹਨਾ ਵਿੱਚ ਵੱਡੀ ਗਿਣਤੀ ਮੁਸਲਮਾਨਾਂ, ਗਰੀਬ ਅਤੇ ਕਮਜ਼ੋਰ ਵਰਗ ਦੇ ਲੋਕਾਂ ਦੀ ਹੈ। ਉਦਾਹਰਨ ਦੇ ਤੌਰ 'ਤੇ ਮਧੂਬਨੀ ਵਿੱਚ 18 ਫ਼ੀਸਦੀ, ਈਸਟ ਚੰਪਾਰਨ ਵਿੱਚ 19 ਫ਼ੀਸਦੀ, ਪੂਰਨੀਆ 39 ਫ਼ੀਸਦੀ ਅਤੇ ਸੀਤਾਗੜੀ ਵਿੱਚ ਕੁੱਲ ਕੱਟੇ ਗਏ ਨਾਮ ਮੁਸਲਮਾਨਾਂ ਦੇ ਹਨ।

ਰਾਜਦ ਸੁਪਰੀਮੋ ਲਾਲੂ ਪ੍ਰਸਾਦ ਯਾਦਵ ਦੋਸ਼ ਲਗਾ ਚੁੱਕੇ ਹਨ ਕਿ ਇਹ ਸਿਰਫ਼ ਵੋਟਾਂ ਦੇਣ ਤੋਂ ਰੋਕਣਾ ਨਹੀਂ, ਬਲਕਿ ਉਹਨਾਂ ਦਾ ਰਾਸ਼ਨ ਤੋਂ ਲੈ ਕੇ ਰਿਜ਼ਰਵੇਸ਼ਨ ਤੱਕ ਹਰ ਹੱਕ ਖੋਹਣਾ ਹੈ। ਭਾਵੇਂ ਕਿ ਭਾਜਪਾ ਦਾ ਕਹਿਣਾ ਹੈ ਕਿ ਵੋਟਾਂ ਦੇ ਸ਼ੁੱਧੀਕਰਨ ਦਾ ਮਕਸਦ ਦੇਸ਼ ਵਿਰੋਧੀ ਬੰਗਲਾਦੇਸ਼ੀ ਘੁਸਪੈਠੀਆਂ ਅਤੇ ਰੋਹਿੰਗਿਆਵਾਂ ਨੂੰ ਵੋਟਰ ਸੂਚੀ ਤੋਂ ਬਾਹਰ ਕੱਢਣਾ ਹੈ।

ਬਿਹਾਰ ਵਿੱਚ "ਜੰਗਲ ਰਾਜ ਬਨਾਮ ਸੁਸ਼ਾਸਨ" ਮੁੱਖ ਚੋਣਾਂਵੀ ਮੁੱਦਾ ਬਣ ਕੇ ਉਭਰ ਰਿਹਾ ਹੈ। ਰੈਲੀਆਂ, ਬੈਠਕਾਂ ਦੋਹਾਂ ਧਿਰਾਂ ਵੱਲੋਂ ਜ਼ੋਰਾਂ 'ਤੇ ਹਨ। ਜ਼ਮੀਨੀ ਪੱਧਰ 'ਤੇ ਦੋਵੇਂ ਧਿਰਾਂ ਲੋਕਾਂ ਤੱਕ ਪਹੁੰਚ ਕਰ ਰਹੀਆਂ ਹਨ।

ਪਹਿਲਾਂ ਦੀ ਤਰ੍ਹਾਂ ਹੀ ਬਿਹਾਰ 'ਚ ਜਾਤੀ ਮੁੱਦਾ ਭਾਰੂ ਹੈ। ਬਿਹਾਰ 'ਚ ਜਾਤੀ ਸਰਵੇਖਣ ਹੋ ਚੁੱਕਾ ਹੈ। ਰਾਜਦ ਅਤੇ ਭਾਜਪਾ ਜਾਤੀ ਅਧਾਰਤ ਸੰਮੇਲਨ ਕਰ ਰਹੀਆਂ ਹਨ। ਪਿਛਲੇ 60 ਦਿਨਾਂ ਵਿੱਚ 30 ਤੋਂ ਵੱਧ ਜਾਤੀ ਸੰਮੇਲਨ ਹੋ ਚੁੱਕੇ ਹਨ। ਦਰਅਸਲ "ਅਬਾਦੀ ਦੇ ਮੁਤਾਬਕ ਹੱਕ" ਦੀ ਮੰਗ ਬਿਹਾਰ 'ਚ ਜ਼ੋਰ ਫੜ ਚੁੱਕੀ ਹੈ। ਉਧਰ ਰਾਜਗ ਧੜਾ " ਦਾਮਾਦ ਆਯੋਗ" ਵਿਰੁੱਧ ਆਪਣੀ ਲੜਾਈ ਵਿੱਢ ਚੁੱਕਾ ਹੈ। ਉਸ ਅਨੁਸਾਰ ਕੇਂਦਰੀ ਮੰਤਰੀ ਜੀਤ ਰਾਮ ਮਾਂਝੀ, ਚਿਰਾਗ ਪਾਸਵਾਨ ਅਤੇ ਸਾਂਸਦ ਅਸ਼ੋਕ ਚੌਧਰੀ ਦੇ ਦਮਾਦਾਂ ਨੂੰ ਚੇਅਰਮੈਨੀਆਂ ਮਿਲੀਆਂ ਹਨ।

ਮਹਾਂਗਠਬੰਧਨ, ਜਿਸ ਵਿੱਚ ਰਾਜਦ ਮੁੱਖ ਹੈ ਅਤੇ ਉਸ ਨਾਲ ਕਾਂਗਰਸ, ਖੱਬੀਆਂ ਧਿਰਾਂ ਅਤੇ ਵੀ. ਆਈ. ਪੀ. ਸ਼ਾਮਲ ਹਨ, ਸਮਾਜਿਕ ਨਿਆਂ, ਜਾਤੀ ਜਨਗਣਨਾ ਅਤੇ ਨੌਜਵਾਨਾਂ ਨੂੰ ਅੱਗੇ ਲਿਆਉਣ ਜਿਹੇ ਮੁੱਦੇ ਉਛਾਲ ਰਹੇ ਹਨ। ਉਹ ਬਿਹਾਰ ਦੀ ਕਾਨੂੰਨ ਵਿਵਸਥਾ ,ਨਿਤੀਸ਼ ਦੀ ਸਿਹਤ, ਰਿਜ਼ਰਵੇਸ਼ਨ ਆਦਿ ਮੁੱਦੇ ਉਭਾਰ ਰਹੇ ਹਨ। ਉਹਨਾਂ ਵੱਲੋਂ ਰਿਜ਼ਰਵੇਸ਼ਨ ਦੀ 50% ਸੀਮਾ ਹਟਾਉਣਾ ਮੁੱਖ ਚੋਣਾਂ ਵੀ ਮੁੱਦਾ ਹੈ। ਤੇਜੱਸਵੀ ਯਾਦਵ ਵੱਲੋਂ ਬੇਰੁਜ਼ਗਾਰੀ, ਮਹਿੰਗਾਈ, ਭ੍ਰਿਸ਼ਟਾਚਾਰ ਦਾ ਮੁੱਦਾ ਚੁੱਕਿਆ ਜਾ ਰਿਹਾ ਹੈ। ਕਾਂਗਰਸ ਵੀ ਬਿਹਾਰ 'ਚ ਆਪਣੇ ਵੱਲੋਂ ਪੂਰੇ ਜ਼ੋਰ ਨਾਲ ਕੇਂਦਰ ਵਿਰੁੱਧ ਮੁੱਦੇ ਚੁੱਕ ਰਹੀ ਹੈ। ਜਦਕਿ ਐੱਨ.ਡੀ.ਏ. "ਆਪਰੇਸ਼ਨ ਸਿੰਧੂਰ", "ਸੁਸ਼ਾਸਨ", "ਰਾਸ਼ਟਰਵਾਦ", "ਧਰਮ", "ਡਬਲ ਇੰਜਨ ਸਰਕਾਰ" ਦੇ ਨਾਅਰਿਆਂ ਨਾਲ ਅੱਗੇ ਵੱਧ ਰਹੀ ਹੈ। ਭਾਜਪਾ, ਜਦਯੂ, ਲੋਜਪਾ-ਆਰ ਸਿਆਸੀ ਧਿਰਾਂ ,ਪਰਿਵਾਰਵਾਦ ਵਿਰੁੱਧ ਲੋਕਾਂ ਨੂੰ ਲਾਮਬੰਦ ਕਰਨਗੀਆਂ। ਮਾਲੇਗਾਓਂ ਕੇਸ ਵਿੱਚ ਪ੍ਰਗਿਆ ਠਾਕੁਰ ਅਤੇ ਹੋਰ ਸਾਰਿਆਂ ਦੀ ਰਿਹਾਈ ਦੇ ਬਾਅਦ ਭਗਵਾਂ ਆਤੰਕਵਾਦ ਦੇ ਮੁੱਦੇ 'ਤੇ ਭਾਜਪਾ, ਕਾਂਗਰਸ ਅਤੇ ਰਾਜਦ ਨੂੰ ਘੇਰੇਗੀ।

ਰਾਹੁਲ ਗਾਂਧੀ ਬਿਹਾਰ ਵਿੱਚ ਪੰਜ ਪ੍ਰੋਗਰਾਮ ਕਰ ਚੁੱਕੇ ਹਨ। ਅਗਸਤ ਮਹੀਨੇ ਉਹ ਬਿਹਾਰ ਯਾਤਰਾ 'ਤੇ ਜਾਣਗੇ। ਫਰਵਰੀ ਤੋਂ ਲੈ ਕੇ ਹੁਣ ਤੱਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜ ਦੌਰੇ ਬਿਹਾਰ ਦੇ ਕਰ ਚੁੱਕੇ ਹਨ। ਅਗਸਤ ਮਹੀਨੇ ਫਿਰ ਬਿਹਾਰ ਪਹੁੰਚਣਗੇ। ਅਮਿਤ ਸ਼ਾਹ, ਰਾਜਨਾਥ ਸਿੰਘ ਅਤੇ ਸ਼ਿਵਰਾਜ ਚੌਹਾਨ ਵਰਗੇ ਨੇਤਾ ਲਗਾਤਾਰ ਬਿਹਾਰ ਪਹੁੰਚ ਕੇ ਆਪਣੇ ਵੱਲੋਂ ਹੁਣੇ ਤੋਂ ਚੋਣ ਪ੍ਰਚਾਰ ਅਰੰਭ ਕਰ ਚੁੱਕੇ ਹਨ।

ਬਿਹਾਰ ਦੀ ਰਾਜਨੀਤੀ ਵਿੱਚ ਪਿਛਲੇ 35-40 ਸਾਲਾਂ ਤੋਂ ਲਾਲੂ ਪ੍ਰਸਾਦ ਅਤੇ ਨਿਤੀਸ਼ ਕੁਮਾਰ ਪ੍ਰਭਾਵਸ਼ਾਲੀ ਰਹੇ ਹਨ। ਉਹਨਾਂ ਨੇ ਬਿਹਾਰ ਦੀ ਸਿਆਸਤ ਵਿੱਚ ਹੀ ਨਹੀਂ, ਕੌਮੀ ਸਿਆਸਤ ਵਿੱਚ ਵੀ ਵਿਸ਼ੇਸ਼ ਭੂਮਿਕਾ ਨਿਭਾਈ ਹੈ। ਸ਼ਾਇਦ ਇਹ ਆਖਰੀ ਵਾਰ ਹੋਵੇ ਕਿ ਉਹ ਬਿਹਾਰ ਵਿੱਚ ਆਪਣੀ ਪ੍ਰਭਾਵਸ਼ਾਲੀ ਭੂਮਿਕਾ ਨਿਭਾ ਰਹੇ ਹੋਣ।

ਇਸ ਵਾਰ ਦੀਆਂ ਚੋਣਾਂ ਵਿੱਚ ਦੋਵਾਂ ਪਰਿਵਾਰਾਂ ਦੇ ਪੁੱਤਰ ਅੱਗੇ ਆ ਰਹੇ ਹਨ। ਚਰਚਾ ਨਿਤੀਸ਼ ਦੇ ਬੇਟੇ ਨਿਸ਼ਾਂਤ ਕੁਮਾਰ ਦੀ ਸਿਆਸਤ ਵਿੱਚ ਐਂਟਰੀ ਦੀ ਵੀ ਹੋ ਰਹੀ ਹੈ। ਲਾਲੂ ਪ੍ਰਸਾਦ ਦਾ ਪਰਿਵਾਰ ਤਾਂ ਪਹਿਲਾਂ ਹੀ ਆਪਣੀ ਭੂਮਿਕਾ ਨਿਭਾ ਰਿਹਾ ਹੈ। ਉਹਨਾਂ ਦਾ ਵੱਡਾ ਬੇਟਾ ਤੇਜ ਪ੍ਰਤਾਪ ਪਰਿਵਾਰ ਵੱਲੋਂ ਵੱਧ ਸਰਗਰਮ ਹੈ। ਦੂਜੇ ਪਾਸੇ ਪ੍ਰਸ਼ਾਂਤ ਕਿਸ਼ੋਰ ਵੀ ਬਿਹਾਰ ਵਿੱਚ ਆਪਣੀ ਸਿਆਸੀ ਭੂਮਿਕਾ ਨਿਭਾਉਣ ਲਈ ਤਿਆਰ ਬੈਠਾ ਹੈ।

ਚੋਣ ਸਰਗਰਮੀਆਂ ਦੇ ਦੌਰਾਨ ਦੋਵਾਂ ਧਿਰਾਂ ਦੇ ਨੇਤਾਵਾਂ ਵਿੱਚ ਸ਼ਬਦੀ-ਜੰਗ ਛਿੜ ਚੁੱਕੀ ਹੈ। ਨੇਤਾਵਾਂ ਵੱਲੋਂ ਸ਼ਬਦਾਂ ਦੀ ਮਰਿਆਦਾ ਭੁਲਾਈ ਜਾ ਚੁੱਕੀ ਹੈ।ਸਰਕਾਰੀ ਧਿਰ ਵੱਲੋਂ ਜਿੱਥੇ ਵੋਟਰਾਂ ਨੂੰ ਭਰਮਾਉਣ ਲਈ ਸੁਵਿਧਾਵਾਂ ਦੇਣ ਦਾ ਦੌਰ ਸ਼ੁਰੂ ਹੋ ਚੁੱਕਾ ਹੈ, ਉਥੇ ਨਿਤੀਸ਼ ਕੁਮਾਰ ਵੱਲੋਂ ਬਿਹਾਰ ਵਿੱਚ ਮੁਫ਼ਤ ਬਿਜਲੀ ਸਹੂਲਤ ਦੇਣ ਦਾ ਐਲਾਨ ਵੀ ਕੀਤਾ ਗਿਆ ਹੈ। ਪ੍ਰਧਾਨ ਮੰਤਰੀ ਵੱਲੋਂ "ਬਿਹਾਰ-ਜੰਗ" ਜਿੱਤਣ ਲਈ ਬਿਹਾਰ 'ਚ ਨਵੇਂ ਪ੍ਰੋਜੈਕਟਾਂ ਦਾ ਹੜ੍ਹ ਲਿਆਂਦਾ ਜਾ ਰਿਹਾ ਹੈ। ਇਹ ਵੱਖਰੀ ਗੱਲ ਹੈ ਕਿ ਇਹਨਾਂ ਯੋਜਨਾਵਾਂ, ਪਰਿਯੋਜਨਾਵਾਂ ਅਤੇ ਭਲਾਈ ਸਕੀਮਾਂ ਦਾ ਲਾਭ ਆਮ ਬਿਹਾਰੀ ਜਨਤਾ ਤੱਕ ਪੁੱਜਦਾ ਵੀ ਹੈ ਜਾਂ ਨਹੀਂ।

ਬਿਹਾਰ ਦੇ ਲੋਕ ਅੱਤ ਦੀ ਗ਼ਰੀਬੀ ਹੰਢਾਉਂਦਿਆਂ ਪ੍ਰਵਾਸ ਦੇ ਰਾਹ ਪੈ ਗਏ ਹਨ ਅਤੇ ਪੈ ਰਹੇ ਹਨ। ਕਾਰਨ ਇੱਕੋ ਹੀ ਹੈ ਬਿਹਾਰ ਵਿੱਚ ਰੁਜ਼ਗਾਰ ਦੀ ਕਮੀ ਹੈ, ਸਿੱਖਿਆ ਦੀ ਕਮੀ ਹੈ, ਭ੍ਰਿਸ਼ਟਾਚਾਰ ਜ਼ੋਰਾਂ 'ਤੇ ਹੈ। ਗੈਂਗ ਵਾਰ, ਕਾਨੂੰਨ ਵਿਵਸਥਾ ਅਜ਼ਾਦੀ ਤੋਂ ਬਾਅਦ ਕਿਸੇ ਵੀ ਰਾਜ ਸਰਕਾਰ ਦੇ ਕਾਬੂ 'ਚ ਨਹੀਂ ਆ ਸਕੀ। ਨਤੀਜੇ ਵਜੋਂ ਲੋਕ ਘਰ ਛੱਡ ਕੇ ਮਹਾਰਾਸ਼ਟਰ, ਪੰਜਾਬ, ਹਰਿਆਣਾ ਅਤੇ ਦੇਸ਼ ਦੇ ਹੋਰ ਸੂਬਿਆਂ ਵਿੱਚ ਰੁਜ਼ਗਾਰ ਲਈ ਜਾਂਦੇ ਹਨ। ਕਈ ਵਾਰੀ ਹਾਲਾਤ ਅਜਿਹੇ ਬਣ ਜਾਂਦੇ ਹਨ ਕਿ ਉਹ ਉਥੇ ਹੀ ਪੱਕੇ ਤੌਰ 'ਤੇ ਠਹਿਰ ਜਾਂਦੇ ਹਨ। ਲੱਖਾਂ ਦੀ ਗਿਣਤੀ ਵਿੱਚ ਬਿਹਾਰ ਦੇ ਲੋਕ ਪੰਜਾਬ ਵਿੱਚ ਵੀ ਫੈਲੇ ਹੋਏ ਹਨ, ਜਿੱਥੇ ਉਹ ਆਪਣੀ ਰਿਹਾਇਸ਼ ਅਤੇ ਕਾਰੋਬਾਰ ਸਥਾਪਿਤ ਕਰ ਚੁੱਕੇ ਹਨ। ਇਹਨਾਂ ਲੋਕਾਂ ਵਿੱਚੋਂ ਬਹੁਤੇ ਬਾਹਰਲੇ ਸੂਬਿਆਂ ਵਿੱਚ ਜਾਂਦੇ ਹਨ, ਰੋਜ਼ੀ-ਰੋਟੀ ਕਮਾਉਂਦੇ ਹਨ ਅਤੇ ਤਿਥ-ਤਿਉਹਾਰਾਂ 'ਤੇ ਘਰੀਂ ਪਰਤਦੇ ਹਨ। ਪਰ ਐਤਕੀਂ ਕਿਉਂਕਿ ਬਿਹਾਰ ਵਿਧਾਨ ਸਭਾ ਚੋਣਾਂ ਦਿਵਾਲੀ, ਦੁਸਹਿਰਾ ਆਦਿ ਤਿਉਹਾਰਾਂ ਦੇ ਨੇੜੇ ਆਉਣੀਆਂ ਹਨ, ਅਜਿਹੀ ਸਥਿਤੀ ਵਿੱਚ ਇਹ ਪ੍ਰਵਾਸੀ ਬਿਹਾਰੀ ਇਸ ਵਾਰ ਦੀਆਂ ਬਿਹਾਰ ਚੋਣਾਂ ਵਿੱਚ ਆਪਣੀ ਵੋਟ ਦੀ ਵਰਤੋਂ ਕਰਨਗੇ।

ਬਿਹਾਰ ਦੇ ਨੇਤਾਵਾਂ ਵਿੱਚ ਹੁਣ ਹਰਿਆਣਾ, ਪੰਜਾਬ ਅਤੇ ਮਹਾਰਾਸ਼ਟਰ ਵਾਂਗਰ ਇੱਕ ਪਾਰਟੀ ਤੋਂ ਦੂਜੀ ਪਾਰਟੀ ਵਿੱਚ ਆਉਣਾ-ਜਾਣਾ ਆਮ ਹੋ ਗਿਆ ਹੈ। ਇਹ ਪ੍ਰਵਿਰਤੀ ਜੋ ਕਿ ਆਮ ਲੋਕਾਂ ਨਾਲ ਧੋਖਾ ਹੈ, ਵੱਧਦੀ ਜਾ ਰਹੀ ਹੈ। ਬਿਹਾਰ ਚੋਣਾਂ ਵਿੱਚ ਇਹ ਦਲ-ਬਦਲੀ ਆਮ ਹੋਣ ਦੀ ਸੰਭਾਵਨਾ ਹੈ।

ਬਿਹਾਰ ਚੋਣਾਂ 'ਚ ਕੌਣ ਜਿੱਤੇਗਾ, ਇਸ ਬਾਰੇ ਅੰਦਾਜ਼ੇ ਹੁਣੇ ਤੋਂ ਲੱਗਣੇ ਸ਼ੁਰੂ ਹੋ ਗਏ ਹਨ। ਬਹਿਸਾਂ ਸਰਵੇ, ਮੀਡੀਆ ਅਤੇ ਸੋਸ਼ਲ ਮੀਡੀਆ 'ਤੇ ਜੰਗ ਤੇਜ਼ ਹੋ ਚੁੱਕੀ ਹੈ। ਬਿਹਾਰ ਵਿੱਚ ਸਮੀਕਰਨ ਵੀ ਬਦਲ ਰਹੇ ਹਨ। ਉਹ ਆਮ ਲੋਕ, ਜੋ ਵੋਟਾਂ ਦੇ ਸ਼ੁੱਧੀਕਰਨ ਦੀ ਭੇਂਟ ਚੜ੍ਹ ਰਹੇ ਹਨ, ਉਹਨਾਂ ਦਾ ਵਤੀਰਾ ਕੀ ਹੋਵੇਗਾ, ਇਹ ਵੇਖਣਾ ਵੀ ਦਿਲਚਸਪ ਹੋਵੇਗਾ।

ਬਿਹਾਰ ਵਿੱਚ ਚੋਣਾਂ ਇਸ ਵਾਰ ਮਹੱਤਵਪੂਰਨ ਹਨ, ਕਿਉਂਕਿ ਵੋਟਰਾਂ ਨੂੰ ਵੋਟ ਪਾਉਣ ਦਾ ਅਧਿਕਾਰ ਥਕੇਵੇਂ ਭਰੀ ਇੱਕ ਕਵਾਇਦ ਤੋਂ ਬਾਅਦ ਮੁੜ ਪ੍ਰਾਪਤ ਹੋਏਗਾ। ਇਸ ਅਧਿਕਾਰ ਤੋਂ ਕੁਝ ਲੋਕ ਹਾਲੇ ਵੀ ਵਿਰਵੇ ਰਹਿਣਗੇ। ਗ਼ਰੀਬ ਤੇ ਕਮਜ਼ੋਰ ਤਬਕੇ ਦੇ ਵੋਟਰ ਭਾਵੇਂ ਅਸਿੱਖਿਅਤ ਹੁੰਦੇ ਹਨ, ਪਰ ਸਮੂਹਿਕ ਰੂਪ ਵਿੱਚ ਆਮ ਤੌਰ 'ਤੇ ਉਹਨਾਂ ਦੀ ਸਮਝ ਡੂੰਘੀ ਹੁੰਦੀ ਹੈ।

ਉਹ ਜਾਣਦੇ ਹਨ ਕਿ ਉਹਨਾਂ ਦੀ ਸੁਚੱਜੇ ਢੰਗ ਨਾਲ ਨੁਮਾਇੰਦਗੀ ਕਰਨ ਵਾਲਾ ਕੌਣ ਹੋ ਸਕਦਾ ਹੈ। ਉਹ ਇਹ ਵੀ ਜਾਣਦੇ ਹਨ ਕਿ ਸੱਤਾ ਵਿੱਚ ਭਾਵੇਂ ਕੋਈ ਵੀ ਧਿਰ ਹੋਵੇ, ਪਰ ਹਰ ਪੰਜ ਸਾਲ ਬਾਅਦ ਉਹਨਾਂ ਕੋਲ ਇੱਕ ਮੌਕਾ ਹੁੰਦਾ ਹੈ ਸੱਤਾ ਧਿਰ ਨੂੰ ਬਾਹਰ ਦਾ ਰਸਤਾ ਵਿਖਾਉਣ ਦਾ ਜਾਂ ਘੱਟੋ-ਘੱਟ ਆਪਣੇ ਗੁੱਸੇ ਤੇ ਨਰਾਜ਼ਗੀ ਨੂੰ ਵੋਟ ਰਾਹੀਂ ਜ਼ਾਹਿਰ ਕਰਨ ਦਾ।

ਉਹਨਾਂ ਕੋਲ ਵੋਟ ਇੱਕ ਸਾਧਨ ਹੈ ਇੱਕ ਅਧਿਕਾਰ, ਜਿਸ ਰਾਹੀਂ ਉਹ ਆਪਣੀਆਂ ਉਮੀਦਾਂ ਨੂੰ ਜ਼ਿੰਦਾ ਰੱਖਦੇ ਹਨ। ਸਮਾਜਿਕ ਹੈਸੀਅਤ ਹਾਸਿਲ ਕਰਨ ਲਈ ਵੀ ਵੋਟ ਇੱਕ ਅਹਿਮ, ਵਿਅਕਤੀਗਤ ਤੇ ਸਮੂਹਿਕ ਸੰਦ ਹੈ।

## Change Of Name ਨਾਮ ਦੀ ਬਦਲੀ

I, Anil S/o Shyam Singh R/o 1211 E Clinton Ave Fresno CA 93704 have changed my name to **ANIL SINGH**. All Concerned Please Note.

ਮੈਂ ਅਨਿਲ ਪੁੱਤਰ ਸ਼ਿਆਮ ਸਿੰਘ 1211 E Clinton Ave Fresno CA 93704 ਦਾ ਰਹਿਣ ਵਾਲਾ ਹਾਂ। ਹੁਣ ਮੈਂ ਆਪਣਾ ਨਾਮ ਬਦਲ ਕੇ **ਅਨਿਲ ਸਿੰਘ** ਰੱਖ ਲਿਆ ਹਾਂ। ਸਾਰੇ ਸਬੰਧਿਤ ਨੋਟ ਕਰਨ।

## Information in Public Interest

To listen to **Dr.Gurdip Singh Sandhu** health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਬਰੰਗ ਰੇਡੀਓ ਪਰਵਾਜ਼ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# ivps

## India Visa & Passport Services

### ਸਾਰੇ ਹੀ ਕੰਮ ਬਹੁਤ ਹੀ ਸਸਤੇ ਰੇਟਾਂ ਤੇ ਕੀਤੇ ਜਾਂਦੇ ਹਨ।

| ਸੇਵਾਵਾਂ | SERVICES |
|---|---|
| ਪਾਸਪੋਰਟ ਨਵਾ ਬਣਾਉਣਾ ਹੋਵੇ ਜਾਂ ਉਸ ਦੀ ਤਰੀਕ ਵਧਾਉਣੀ ਹੋਵੇ | New or Renew Passport Application |
| ਇੰਡੀਆ ਜਾਣ ਲਈ ਵਾਪਸੀ ਪੱਤਰ ਲੈ ਕੇ ਪੱਕੇ ਤੋਰ ਤੇ ਇੰਡੀਆ ਜਾਣਾ ਹੋਵੇ | Emergency Certificate (EC)-Travel Document |
| ਇੰਡੀਆ ਦਾ ਵੀਜ਼ਾ ਲੈਣਾ ਹੋਵੇ | Sticker Visa or Evisa Application |
| Surrender ਸਰਟੀਫਕੇਟ ਲੈਣਾ ਹੋਵੇ | Renunciation/ Surrender Certificate application |
| OCI ਲੈਣ ਵਾਸਤੇ | OCI application |
| ਹੇਠ ਲਿਖੇ ਦਸਤਾਵੇਜ਼ਾਂ ਦੀ ਤਸਦੀਕ ਕਰਾਉਣੀ ਹੋਵੇ<br>• ਪਾਵਰ ਆਫ ਅਟਾਰਨੀ ਅਟੈਸਟ ਕਰਵਾਉਣਾ ਹੋਵੇ<br>• ਲ਼ਾਈਫ ਸਰਟੀਫਕੇਟ ਬਣਾਉਣ ਲਈ<br>• ਜੇਕਰ ਬੱਚਾ ਇੰਡੀਆ ਹੈ ਤਾਂ ਉਸ ਦਾ ਪਾਸਪੋਰਟ ਬਣਾਉਣ ਲਈ ਅਮਰੀਕਾ ਤੋਂ affidavit ਭੇਜਣਾ ਹੋਵੇ<br>• ਅਸਤ ਪਾਉਣ ਲਈ ਇੰਡੀਆ ਲੈਕੇ ਜਾਣ ਲਈ ਪੈਪਰ ਅਟੈਸਟ ਕਰਵਾਉਣੇ ਹੋਣ | Attestations of following documents<br>• Power of Attorney<br>• Life Certificate<br>• Affidavit for child passport to be issued India<br>• Death Documents Attestations - Transportation of Ashes/Mortal Remains to India |

**Surrender Certificate/ Visa ਜਾ Surrender Certificate/OCI ਲੈਣ ਲਈ Package Price ਵੀ ਦਿੰਦੇ ਹਾਂ।**






- ਅਸੀ ਤੁਹਾਡੀ ਸੇਵਾ ਵਿੱਚ 7 days a week ਹਾਜ਼ਰ ਹਾਂ।
- Emergency ਸਮੇਂ ਕਿਸੇ ਵੀ ਸਮੇਂ ਕਾਲ ਕਰੋ ਤੁਹਾਡੀ ਸੇਵਾ ਲਈ 24 ਘੰਟੇ ਹਾਜਰ ਹਾਂ। (Emergency ਸੇਵਾਵਾਂ ਦੇ ਵੱਖਰੇ ਪੈਸੇ ਲਏ ਜਾਣਗੇ)

**ਪਰੇਸ਼ਾਨ ਹੋਣ ਦੀ ਲੋੜ ਨਹੀ ਹੁਣੇ ਕਾਲ ਕਰੋ**

**Boota Singh Basi (209) 303-1260**

# ਗੁਰਦ੍ਵਾਰਾ ਸਾਹਿਬ ਸੈਨ ਹੋਜ਼ੇ




## Current Parbandhak Committee Slate Candidates

## ਮੌਜੂਦਾ ਪ੍ਰਬੰਧਕ ਕਮੇਟੀ ਸਲੇਟ ਦੇ ਉਮੀਦਵਾਰ

**ELECTION DATE** October 12th, 2025 (Sunday)




**ਸਾਧ ਸੰਗਤ ਨੂੰ ਹੱਥ ਜੋੜ ਕੇ ਬੇਨਤੀ ਕੀਤੀ ਜਾਂਦੀ ਹੈ ਇਹਨਾਂ ਉਮੀਦਵਾਰਾਂ ਨੂੰ ਆਪਣਾ ਵੋਟ ਪਾਓ ਅਤੇ ਸੇਵਾ ਕਰਨ ਦਾ ਮੌਕਾ ਦਿਓ**

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.


## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**


RANJIV SINGLA PRODUCTIONS
PRESENTS
KARAMJIT ANMOL'S
KURIYAN JAWAN BAPU PRESHAAN 2
ਕੁੜੀਆਂ ਜਵਾਨ ਬਾਪੂ ਪ੍ਰੇਸ਼ਾਨ ੨
STORY & DIRECTED BY
AVTAR SINGH
ਚਮਨ ਚਾਟ ਭੰਡਾਰ
ਚਮਨ ਚਾਟ ਭੰਡਾਰ
TRAILER RELEASING
TOMORROW
THE NEXT FILM
PRODUCED BY RANJIV SINGLA


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
Video Advertising
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
CUSTOMER SERVICE
For more information call
Boota Singh Basi +1 (209) 303-1260

# ਭਾਰਤ ਦਾ ਰੂਸ ਤੋਂ ਤੇਲ ਖਰੀਦਣਾ ਸਵੀਕਾਰ ਨਹੀਂ: ਅਮਰੀਕਾ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ




ਵ੍ਹਾਈਟ ਹਾਊਸ ਵਿਚ ਡਿਪਟੀ ਚੀਫ਼ ਆਫ ਸਟਾਫ਼ ਸਟੀਫਨ ਮਿੱਲਰ ਨੇ ਐਤਵਾਰ ਨੂੰ ਕਿਹਾ ਕਿ ਭਾਰਤ ਰੂਸ ਤੋਂ ਤੇਲ ਖਰੀਦੇ ਇਹ ਸਵੀਕਾਰਯੋਗ ਨਹੀਂ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਭਾਰਤ ਵੱਲੋਂ ਰੂਸ ਤੋਂ ਤੇਲ ਖਰੀਦੇ ਜਾਣ ਕਰਕੇ ਰੂਸ ਨੂੰ ਯੂਕਰੇਨ ਖਿਲਾਫ਼ ਜੰਗ ਵਿਚ ਵਿੱਤੀ ਮਦਦ ਮਿਲੀ। ਮਿਲਰ ਨੇ ਫੌਕਸ ਨਿਊਜ਼ ਨਾਲ ਇੱਕ ਇੰਟਰਵਿਊ ਵਿੱਚ ਕਿਹਾ, ''ਇਹ ਸਵੀਕਾਰਯੋਗ ਨਹੀਂ ਹੈ ਕਿ ਭਾਰਤ ਰੂਸ ਤੋਂ ਤੇਲ ਖਰੀਦ ਕੇ ਰੂਸ-ਯੂਕਰੇਨ ਜੰਗ ਵਿਚ ਵਿੱਤੀ ਮਦਦ ਪ੍ਰਦਾਨ ਕਰੇ। ਲੋਕ ਇਹ ਜਾਣ ਕੇ ਹੈਰਾਨ ਹੋਣਗੇ ਕਿ ਭਾਰਤ ਮੂਲ ਰੂਪ ਵਿੱਚ ਰੂਸੀ ਤੇਲ ਖਰੀਦਣ ਵਿੱਚ ਚੀਨ ਨਾਲ ਜੁੜਿਆ ਹੋਇਆ ਹੈ। ਇਹ ਇੱਕ ਹੈਰਾਨੀਜਨਕ ਤੱਥ ਹੈ।'' ਮਿਲਰ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ 'ਜ਼ਬਰਦਸਤ' ਸਬੰਧ ਹਨ, ਅਤੇ ਖੇਤਰ ਲਈ ਸ਼ਾਂਤੀ ਦੇ ਬਦਲ ਵਿਚਾਰਧੀਨ ਹਨ। ਉਨ੍ਹਾਂ ਕਿਹਾ, ''ਰਾਸ਼ਟਰਪਤੀ ਟਰੰਪ ਦੇ ਭਾਰਤ ਅਤੇ ਪ੍ਰਧਾਨ ਮੰਤਰੀ ਨਾਲ ਹਮੇਸ਼ਾ ਹੀ ਬਹੁਤ ਵਧੀਆ ਸਬੰਧ ਰਹੇ ਹਨ। ਪਰ ਸਾਨੂੰ ਇਸ ਜੰਗ ਦੇ ਵਿੱਤ ਨਾਲ ਨਜਿੱਠਣ ਬਾਰੇ ਅਸਲੀਅਤ ਜਾਣਨੀ ਪਵੇਗੀ। ਲਿਹਾਜ਼ਾ ਰਾਸ਼ਟਰਪਤੀ ਟਰੰਪ ਲਈ, ਯੂਕਰੇਨ ਵਿੱਚ ਚੱਲ ਰਹੀ ਜੰਗ ਨਾਲ ਕੂਟਨੀਤਕ, ਵਿੱਤੀ ਅਤੇ ਹੋਰ ਤਰੀਕਿਆਂ ਨਾਲ ਨਜਿੱਠਣ ਲਈ ਸਾਰੇ ਬਦਲ ਵਿਚਾਰਧੀਨ ਹਨ।'' ਮਿਲਰ ਨੇ ਦੋਸ਼ ਲਗਾਇਆ ਕਿ ਭਾਰਤ ਅਮਰੀਕੀ ਉਤਪਾਦਾਂ ਨੂੰ ਸਵੀਕਾਰ ਨਹੀਂ ਕਰਦਾ ਕਿਉਂਕਿ ਉਹ ਉਨ੍ਹਾਂ 'ਤੇ ਭਾਰੀ ਟੈਰਿਫ ਲਗਾਉਂਦਾ ਹੈ।

# ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ

ਅੰਮ੍ਰਿਤਸਰ
ਸਾਂਝੀ ਸੋਚ ਬਿਊਰੋ



ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿਚ ਵੱਖ-ਵੱਖ ਪੰਥਕ ਅਤੇ ਧਾਰਿਮਕ ਮਾਮਲੇ ਵਿਚਾਰਨ ਲਈ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ 6 ਅਸਗਤ ਨੂੰ ਸਵੇਰੇ 9 ਵਜੇ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਬਗੀਚਾ ਸਿੰਘ ਨੇ ਦੱਸਿਆ ਕਿ 6 ਅਗਸਤ ਨੂੰ ਹੋਣ ਵਾਲੀ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿਚ ਪੰਜਾਬ ਕੈਬਨਿਟ ਮੰਤਰੀ ਹਰਜੋਤ ਸਿੰਘ ਨੂੰ ਸ਼੍ਰੀਨਗਰ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਸਬੰਧੀ ਕਰਵਾਏ ਗਏ ਇਤਰਾਜ਼ਯੋਗ ਪ੍ਰੋਗਰਾਮ ਨਾਲ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਕਰਕੇ ਪੇਸ਼ ਹੋਣ ਲਈ ਆਖਿਆ ਗਿਆ ਹੈ ਅਤੇ ਉਨ੍ਹਾਂ ਨੂੰ ਈ-ਮੇਲ ਰਾਹੀਂ ਜਾਣਕਾਰੀ ਭੇਜ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਆਪਣੇ ਕਰੀਬੀ ਰਿਸ਼ਤੇਦਾਰ ਦੇ ਅਨੰਦ ਕਾਰਜ ਲਈ 12 ਅਗਸਤ ਤੱਕ ਵਿਦੇਸ਼ ਗਏ ਹਨ, ਇਸ ਲਈ ਉਨ੍ਹਾਂ ਨੂੰ ਬਾਅਦ ਵਿਚ ਪੇਸ਼ ਹੋਣ ਲਈ ਸੱਦਿਆ ਜਾਵੇਗਾ।

# ਪੰਜਾਬ-ਹਰਿਆਣਾ ਹਾਈਕੋਰਟ ਨੂੰ ਮਿਲੇ 10 ਨਵੇਂ ਜੱਜ, ਚੁੱਕੀ ਸਹੁੰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ




ਰਾਸ਼ਟਰਪਤੀ ਦੇ ਹੁਕਮਾਂ 'ਤੇ ਅੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ 10 ਸੈਸ਼ਨ ਜੱਜਾਂ ਨੂੰ ਵਧੀਕ ਜੱਜ ਨਿਯੁਕਤ ਕੀਤਾ ਗਿਆ। ਸਹੁੰ ਚੁੱਕ ਸਮਾਗਮ ਵਿੱਚ, ਹਾਈ ਕੋਰਟ ਦੇ ਮੁੱਖ ਜੱਜ ਨੇ ਇਨ੍ਹਾਂ ਸਾਰਿਆਂ ਨੂੰ ਅਹੁਦੇ ਦੀ ਸਹੁੰ ਚੁਕਾਈ। ਇਸ ਤੋਂ ਬਾਅਦ, ਸਾਰੇ ਨਵੇਂ ਨਿਯੁਕਤ ਜੱਜਾਂ ਨੇ ਆਪਣੀਆਂ-ਆਪਣੀਆਂ ਡਿਊਟੀਆਂ ਸੰਭਾਲ ਲਈਆਂ, ਜਿਸ ਨਾਲ ਅਦਾਲਤ ਦੀ ਨਿਆਂ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਦੀ ਉਮੀਦ ਹੈ।

ਇਹ 10 ਸੈਸ਼ਨ ਜੱਜ ਹਨ :
ਵਰਿੰਦਰ ਅਗਰਵਾਲ, ਮਨਦੀਪ ਪੰਨੂ, ਪ੍ਰਮੋਦ ਗੋਇਲ, ਸ਼ਾਲਿਨੀ ਸਿੰਘ ਨਾਗਪਾਲ, ਅਮਰਿੰਦਰ ਸਿੰਘ ਗਰੇਵਾਲ, ਸੁਭਾਸ਼ ਮੇਹਲਾ, ਸੂਰਿਆ ਪ੍ਰਤਾਪ ਸਿੰਘ, ਰੁਪਿੰਦਰਜੀਤ ਚਾਹਲ, ਅਰਾਧਨਾ ਸਾਹਨੀ, ਯਸ਼ਵੀਰ ਸਿੰਘ ਰਾਠੌਰ।

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਕੁੱਲ 85 ਜੱਜ ਹੋਣੇ ਚਾਹੀਦੇ ਹਨ। ਪਰ ਹੁਣ ਤੱਕ ਉੱਥੇ ਸਿਰਫ਼ 49 ਜੱਜ ਕੰਮ ਕਰ ਰਹੇ ਸਨ। ਹੁਣ 10 ਨਵੇਂ ਜੱਜਾਂ ਦੀ ਨਿਯੁਕਤੀ ਤੋਂ ਬਾਅਦ ਇਹ ਗਿਣਤੀ 59 ਹੋ ਗਈ ਹੈ। ਫਿਰ ਵੀ ਹਾਈ ਕੋਰਟ ਵਿੱਚ ਜੱਜਾਂ ਦੀਆਂ 26 ਸੀਟਾਂ ਖਾਲੀ ਹਨ। ਲੋਕਾਂ ਅਤੇ ਵਕੀਲਾਂ ਦੀ ਲੰਬੇ ਸਮੇਂ ਤੋਂ ਮੰਗ ਸੀ ਕਿ ਹਾਈ ਕੋਰਟ ਵਿੱਚ ਜੱਜਾਂ ਦੀ ਗਿਣਤੀ ਵਧਾਈ ਜਾਵੇ ਤਾਂ ਜੋ ਮਾਮਲਿਆਂ ਦਾ ਜਲਦੀ ਨਿਪਟਾਰਾ ਹੋ ਸਕੇ। ਹੁਣ ਉਮੀਦ ਕੀਤੀ ਜਾ ਰਹੀ ਹੈ ਕਿ ਨਵੇਂ ਜੱਜਾਂ ਦੇ ਆਉਣ ਨਾਲ ਫੈਸਲੇ ਜਲਦੀ ਹੋਣਗੇ ਅਤੇ ਲੋਕਾਂ ਨੂੰ ਸਮੇਂ ਸਿਰ ਨਿਆਂ ਮਿਲੇਗਾ।

# ਰੱਖੜ ਪੁੰਨਿਆ ਦੀ ਕਾਨਫਰੰਸ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾਉਣ ਦਾ ਨੀਂਹ ਪੱਥਰ ਰੱਖੇਗੀ- ਸੋਨੂੰ ਭਲਾਈਪੁਰ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ



ਸਾਬਕਾ ਮੈਂਬਰ ਪਾਰਲੀਮੈਂਟ ਜਸਬੀਰ ਸਿੰਘ ਗਿੱਲ ਡਿੰਪਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੀਨੀਅਰ ਆਗੂ ਅਤੇ ਪੰਜਾਬ ਜੰਗਲਾਤ ਕਾਰਪੋਰੇਸ਼ਨ ਸਾਬਕਾ ਚੇਅਰਮੈਨ ਵਰਿੰਦਰ ਸਿੰਘ ਵਿੱਕੀ ਭਿੰਡਰ ਅਤੇ ਯੂਥ ਕਾਂਗਰਸ ਅੰਮ੍ਰਿਤਸਰ ਦੇ ਸਾਬਕਾ ਪ੍ਰਧਾਨ ਸੁਰਜਨ ਸਿੰਘ ਸੋਨੂੰ ਭਲਾਈਪੁਰ ਨੇ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਤੂਫਾਨੀ ਦੌਰੇ ਤੇਜ਼ ਕਰਦਿਆਂ ਕਾਨਫਰੰਸ ਵਿੱਚ ਸ਼ਮੂਲੀਅਤ ਲਈ ਲੋਕਾਂ ਨੂੰ ਪ੍ਰੇਰਿਆ। ਅੱਜ ਪਿੰਡ ਭਲਾਈਪੁਰ ਦੇ ਸਾਬਕਾ ਮੈਂਬਰ ਪੰਚਾਇਤ ਵਜ਼ੀਰ ਸਿੰਘ ਦੇ ਗ੍ਰਹਿ ਵਿਖੇ ਮੀਟਿੰਗ ਦੌਰਾਨ ਚੇਅਰਮੈਨ ਵਰਿੰਦਰ ਸਿੰਘ ਵਿੱਕੀ ਭਿੰਡਰ, ਸੁਰਜਨ ਸਿੰਘ ਸੋਨੂੰ ਭਲਾਈਪੁਰ ਵਿਸ਼ੇਸ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਸੁਰਜਣ ਸਿੰਘ ਸੋਨੂੰ ਭਲਾਈਪੁਰ ਨੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਵਿਖੇ ਰੱਖੜ ਪੁਨਿਆ ਮੌਕੇ ਹੋਣ ਵਾਲੀ ਸਿਆਸੀ ਕਾਨਫਰੰਸ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਦਾ ਨੀਂਹ ਪੱਥਰ ਰੱਖੇਗੀ। ਸਾਬਕਾ ਮੈਂਬਰ ਪੰਚਾਇਤ ਵਜ਼ੀਰ ਸਿੰਘ ਨੇ ਵਿਸ਼ਵਾਸ ਦਵਾਇਆ ਕਿ ਅਸੀਂ ਕਾਨਫਰੰਸ ਵਿੱਚ ਵੱਧ ਤੋਂ ਵੱਧ ਕਾਂਗਰਸੀ ਵਰਕਰਾਂ ਨੂੰ ਨਾਲ ਲੈ ਕੇ ਪਹੁੰਚਾਂਗੇ। ਇਸ ਮੌਕੇ ਪ੍ਰਧਾਨ ਅਰਜੁਨਬੀਰ ਸਿੰਘ ਸਰਾਂ, ਸਰਪੰਚ ਸਾਹਿਬ ਸਿੰਘ ਝਾੜੂ ਨੰਗਲ, ਪ੍ਰਧਾਨ ਬਖਤੌਰ ਸਿੰਘ ਬਾਣੀਆਂ, ਦਲਜੀਤ ਸਿੰਘ ਭੁੱਲਰ ਜਰਨਲ ਸਕੱਤਰ ਕਿਸਾਨ ਸੈੱਲ ਕਾਂਗਰਸ, ਯੂਥ ਆਗੂ ਪ੍ਰਭ ਥੋਥੀਆਂ, ਸਾ. ਸਰਪੰਚ ਜੇ ਪੀ ਜਵੰਦਪੁਰ, ਸਾ. ਸਰਪੰਚ ਨਿਰਮਲ ਸਿੰਘ ਪੱਡਾ, ਸਾ. ਸਰਪੰਚ ਹਰਜਿੰਦਰ ਸਿੰਘ ਰਾਮਪੁਰ, ਜਗਤਾਰ ਸਿੰਘ ਬਿੱਲਾ ਠੇਕੇਦਾਰ ਰਈਆ, ਸਰਪੰਚ ਅਮਰੀਕ ਸਿੰਘ, ਸਰਪੰਚ ਲਾਡੀ ਸੱਤੋਵਾਲ,ਸਰਪੰਚ ਮਲਕੀਤ ਸ਼ਾਹ ਪੁਰ,ਕੀਟਾ, ਨੰਬਰਦਾਰ ਹੀਰਾ ਸਿੰਘ ਬਾਣੀਆਂ, ਹਰਵਿੰਦਰ ਸਿੰਘ ਵਿੱਕੀ,ਸਿਮਰ ਨਾਗੋਕੇ ਅਸਟ੍ਰੇਲੀਆ ਵਾਲੇ, ਸਾਹਿਬ ਸਿੰਘ ਛੱਜਲਵੱਡੀ,ਪਿੰਡ ਭਲਾਈਪੁਰ ਤੋਂ ਸਾ. ਮੈਂਬਰ ਪੰਚਾਇਤ ਵਜ਼ੀਰ ਸਿੰਘ ਜੀ ਦੇ ਗ੍ਰਹਿ ਵਿਖੇ ਸਾ. ਮੈਂਬਰ ਮਲਕੀਤ ਸਿੰਘ, ਜਸਬੀਰ ਸਿੰਘ, ਰਾਘਬੀਰ ਸਿੰਘ, ਮਾਸਟਰ ਚੰਦਾ ਸਿੰਘ, ਕਸ਼ਮੀਰ ਸਿੰਘ, ਰਣਜੀਤ ਸਿੰਘ, ਅਮਰਜੀਤ ਸਿੰਘ, ਮੈਂਬਰ ਦਲਬੀਰ ਸਿੰਘ,ਰਣਧੀਰ ਸਿੰਘ, ਸਤਨਾਮ ਸਿੰਘ, ਡਾਕਟਰ ਤੇਜਵੰਤ ਸਿੰਘ ਕਾਲਾ, ਡਾਕਟਰ ਰਾਜਵੰਤ ਸਿੰਘ ਰਾਜੂ, ਜੁਗਰਾਜ ਸਿੰਘ ਪੰਨੂ, ਰਸਾਲ ਸਿੰਘ ਥਾਣੇਦਾਰ, ਦੁਰਲਭ ਸਿੰਘ, ਰਾਜੂ ਸਿੰਘ ਟੇਲਰ, ਕਰਨਲਬੀਰ ਸਿੰਘ, ਡਾਕਟਰ ਰਾਣਾ, ਹੀਰਾ ਸਿੰਘ, ਸਤਨਾਮ ਸਿੰਘ ਮੰਟੂ, ਸਾਹਿਬ ਸਿੰਘ, ਜਸਪ੍ਰੀਤ ਸਿੰਘ ਅਤੇ ਜਗਪ੍ਰੀਤ ਸਿੰਘ ਅਤੇ ਹੋਰ ਮੌਜੂਦ ਸਨ।




SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated
REALTOR


SANJHA PUNJAB & AMRIT BOTHERS ENTERTAINMENT
PROUDLY PRESENTS
SANJHA ਪੰਜਾਬ USA
JOGI LIVE
KANWAR GREWAL
SUNDAY
17 AUGUST
Time : 7.00 PM
THE BOB HOPE THEATRE
242 E Mains St. Stockton, CA 95202
LIVE IN CONCERT
STOCKTON
For More Info & Tickets Please Contact
SURINDER MAHAY
408-620-2470
BALWINDER S. BAJWA
516-852-2222
SANTOKH JUDGE
925-487-4679


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company.
policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals– Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਜੀਐਸਟੀ ਇੰਫੋਰਸਮੈਂਟ ਦੀ ਮਜ਼ਬੂਤੀ ਲਈ ਪੰਜਾਬ ਵਿਸ਼ੇਸ਼ ਧੋਖਾਧੜੀ ਖੋਜ ਯੂਨਿਟ ਸਥਾਪਤ ਕਰੇਗਾ: ਹਰਪਾਲ ਸਿੰਘ ਚੀਮਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਕਰ ਇੰਫੋਰਸਮੈਂਟ ਨੂੰ ਸੰਸਥਾਗਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਚੁੱਕਦੇ ਹੋਏ, ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਕ ਸੂਬਾ ਪੱਧਰੀ ਵਿਸ਼ੇਸ਼ ਧੋਖਾਧੜੀ ਖੋਜ ਯੂਨਿਟ (ਸਪੈਸ਼ਲ ਫ਼ਰਾਡ ਡਿਟੈਕਸ਼ਨ ਯੂਨਿਟ) ਸਥਾਪਤ ਕਰਨ ਦੇ ਪ੍ਰਸਤਾਵ ਦਾ ਐਲਾਨ ਕੀਤਾ ਜਿਸ ਦਾ ਹੈੱਡਕੁਆਟਰ ਪਟਿਆਲਾ ਵਿਖੇ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਸਮਰਪਿਤ ਯੂਨਿਟ ਵਸਤੂਆਂ ਅਤੇ ਸੇਵਾਵਾਂ ਕਰ (ਜੀਐਸਟੀ) ਉਲੰਘਣਾਵਾਂ ਨਾਲ ਸਬੰਧਤ ਗੁੰਝਲਦਾਰ ਮਾਮਲਿਆਂ ਦੀ ਜਾਂਚ ਵਿੱਚ ਇਕਸਾਰਤਾ ਲਿਆਏਗਾ ਅਤੇ ਜਾਂਚ ਨੂੰ ਸੁਚਾਰੂ ਬਣਾਏਗਾ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਸਪੈਸ਼ਲ ਫ਼ਰਾਡ ਡਿਟੈਕਸ਼ਨ ਯੂਨਿਟ (ਐੱਸ.ਐੱਫ.ਡੀ.ਯੂ.) ਨੂੰ ਵੱਡੇ ਪੱਧਰ ਦੀਆਂ ਜੀ.ਐਸ.ਟੀ ਧੋਖਾਧੜੀਆਂ ਦਾ ਪਰਦਾਫਾਸ਼ ਅਤੇ ਜਾਂਚ ਕਰਨ ਦਾ ਕੰਮ ਸੌਂਪਿਆ ਜਾਵੇਗਾ, ਜਿਸ ਵਿੱਚ ਖਾਸ ਤੌਰ 'ਤੇ ਸਰਕੂਲਰ ਟਰੇਡਿੰਗ ਓਪਰੇਸ਼ਨਾਂ ਨੂੰ ਰੋਕਣ, ਬੇਨਾਮੀ ਲੈਣ-ਦੇਣ ਦਾ ਪਰਦਾਫਾਸ਼ ਕਰਨ ਅਤੇ ਜਾਅਲੀ ਇਨਵੌਇਸਿੰਗ ਦੀਆਂ ਕਾਰਵਾਈਆਂ ਨੂੰ ਖ਼ਤਮ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਯੂਨਿਟ ਨੂੰ ਸ਼ੱਕੀ ਜੀ.ਐੱਸ.ਟੀ. ਪਛਾਣ ਨੰਬਰਾਂ (ਜੀ.ਐੱਸ.ਟੀ.ਆਈ.ਐੱਨ.) ਨੂੰ ਰੱਦ ਕਰਨ, ਇਨਪੁੱਟ ਟੈਕਸ ਕ੍ਰੈਡਿਟ (ਆਈ.ਟੀ.ਸੀ.) ਦੇ ਗਲਤ ਦਾਅਵਿਆਂ ਨੂੰ ਰੋਕਣ, ਅਤੇ ਕਾਨੂੰਨੀ ਜਵਾਬਦੇਹੀ ਨੂੰ ਬਰਕਰਾਰ ਰੱਖਣ ਲਈ ਅਪਰਾਧੀਆਂ ਵਿਰੁੱਧ ਮੁਕੱਦਮਾ ਚਲਾਉਣ ਦੀ ਸਿਫਾਰਸ਼ ਕਰਨ ਸਮੇਤ ਸਖ਼ਤ ਲਾਗੂਕਰਨ ਦੀਆਂ ਕਾਰਵਾਈਆਂ ਸ਼ੁਰੂ ਕਰਨ ਦੀ ਸ਼ਕਤੀ ਦਿੱਤੀ ਜਾਵੇਗੀ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਐੱਸ.ਐੱਫ.ਡੀ.ਯੂ. ਆਪਣੀ ਖੋਜ ਸਮਰੱਥਾ ਨੂੰ ਵਧਾਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ), ਡੇਟਾ ਐਨਾਲਿਟਿਕਸ ਅਤੇ ਕੇਂਦਰੀਕ੍ਰਿਤ ਬੈਕਐਂਡ ਓਪਰੇਸ਼ਨਾਂ ਸਮੇਤ ਉੱਨਤ ਤਕਨਾਲੋਜੀਆਂ ਦਾ ਲਾਭ ਉਠਾਏਗੀ। ਯੂਨਿਟ ਟੈਕਸ ਰਿਟਰਨ, ਲੈਣ-ਦੇਣ ਦੇ



ਨੈੱਟਵਰਕ ਅਤੇ ਵਸਤਾਂ ਦੀ ਆਵਾਜਾਈ ਵਿੱਚ ਵਿਸੰਗਤੀਆਂ ਦੀ ਪਛਾਣ ਕਰਨ ਲਈ ਸੂਬੇ ਭਰ ਵਿੱਚ ਵਿਆਪਕ ਡਾਟਾ ਮਾਈਨਿੰਗ ਅਤੇ ਪੈਟਰਨ ਦੀ ਪਛਾਣ ਕਰੇਗਾ। ਵਿੱਤ ਮੰਤਰੀ ਨੇ ਅੱਗੇ ਕਿਹਾ ਕਿ ਯੂਨਿਟ ਡਾਟਾ-ਅਧਾਰਤ ਰੈੱਡ ਫਲੈਗਸ ਦੀ ਵਰਤੋਂ ਸਿਰਫ਼ ਸ਼ੱਕੀ ਜਾਂ ਸ਼ਰਾਰਤੀ ਕਰਦਾਤਾਵਾਂ ਦੀ ਜਾਂਚ ਕਰਨ ਲਈ ਕਰੇਗੀ ਤਾਂ ਜੋ ਇਮਾਨਦਾਰ ਕਰਦਾਤਾਵਾਂ ਨੂੰ ਬੇਲੋੜੀ ਜਾਂਚ ਤੋਂ ਬਚਾਇਆ ਜਾ ਸਕੇਗਾ।

ਵਿੱਤ ਮੰਤਰੀ ਚੀਮਾ ਨੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਰਣਨੀਤਕ ਪਹੁੰਚ ਦਾ ਉਦੇਸ਼ ਪ੍ਰਭਾਵਸ਼ਾਲੀ ਲਾਗੂਕਰਨ ਅਤੇ ਕਰਦਾਤਾ ਦੀ ਸਹੂਲਤ ਦਰਮਿਆਨ ਸੰਤੁਲਨ ਬਣਾਉਣਾ ਹੈ, ਜਿਸ ਨਾਲ ਵਧੇਰੇ ਕੁਸ਼ਲ ਅਤੇ ਕਰਦਾਤਾ-ਪੱਖੀ ਪ੍ਰਸ਼ਾਸਨ ਯਕੀਨੀ ਬਣਾਇਆ ਜਾਵੇਗਾ। ਐੱਸ.ਐੱਫ.ਡੀ.ਯੂ. ਦੀ ਬਣਤਰ ਬਾਰੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਸ ਇਕਾਈ ਵਿੱਚ ਤਜਰਬੇਕਾਰ ਕਰ ਅਫ਼ਸਰਾਂ, ਹੁਨਰਮੰਦ ਆਈ.ਟੀ. ਪੇਸ਼ੇਵਰਾਂ, ਇੱਕ ਚਾਰਟਰਡ ਅਕਾਊਂਟੈਂਟ ਅਤੇ ਇੱਕ ਕਾਨੂੰਨੀ ਅਧਿਕਾਰੀ ਵਾਲੀ ਇੱਕ ਬਹੁ-ਅਨੁਸ਼ਾਸਨੀ ਟੀਮ ਸ਼ਾਮਲ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਟੀਮ ਨੂੰ ਨਾਜ਼ੁਕ ਡੇਟਾਸੈਟਾਂ ਜਿਵੇਂ ਕਿ ਜੀ.ਐੱਸ.ਟੀ.ਐੱਨ. ਜਾਣਕਾਰੀ, ਈ-ਵੇਅ ਬਿੱਲ ਟਰੈਕਿੰਗ, ਟੋਲ ਰਿਕਾਰਡ ਅਤੇ ਆਰ.ਐੱਫ.ਆਈ.ਡੀ ਟ੍ਰੇਲ ਐਨਾਲਿਟਿਕਸ ਤੱਕ ਅਸਲ-ਸਮੇਂ ਦੀ ਪਹੁੰਚ ਨਾਲ ਲੈਸ ਕੀਤਾ ਜਾਵੇਗਾ, ਜਿਸ ਨਾਲ ਟੈਕਸ ਚੋਰੀ ਵਿਰੁੱਧ ਤੁਰੰਤ ਅਤੇ ਸਟੀਕ ਕਾਰਵਾਈ ਕੀਤੀ ਜਾ ਸਕੇਗੀ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਸਪੈਸ਼ਲ ਫ਼ਰਾਡ ਡਿਟੈਕਸ਼ਨ ਯੂਨਿਟ (ਐੱਸ.ਐੱਫ.ਡੀ.ਯੂ.) ਨੂੰ ਸੀ.ਜੀ.ਐੱਸ.ਟੀ./ਪੀ.ਜੀ.ਐੱਸ.ਟੀ. ਐਕਟਾਂ ਦੀਆਂ ਧਾਰਾਵਾਂ 67, 70, 74 ਅਤੇ 132 ਦੇ ਨਾਲ-ਨਾਲ ਭਾਰਤੀ ਦੰਡਾਵਲੀ (ਆਈ.ਪੀ.ਸੀ.) ਦੀਆਂ ਸਬੰਧਤ ਧਾਰਾਵਾਂ ਤਹਿਤ ਮਜ਼ਬੂਤ ਕਾਨੂੰਨੀ ਵਿਵਸਥਾਵਾਂ ਦੁਆਰਾ ਅਧਿਕਾਰਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਐੱਸ.ਐੱਫ.ਡੀ.ਯੂ. ਨੂੰ ਤਕਨੀਕੀ ਤੌਰ 'ਤੇ ਉੱਨਤ, ਖ਼ੁਫੀਆ-ਅਧਾਰਿਤ ਲਾਗੂਕਰਨ ਏਜੰਸੀ ਵਜੋਂ ਕੰਮ ਕਰਨ ਦੇ ਯੋਗ ਬਣਾਏਗਾ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਇਹ ਪਹਿਲਕਦਮੀ ਸੂਬੇ ਦੇ ਮਾਲੀਏ ਦੀ ਸੁਰੱਖਿਆ ਅਤੇ ਆਰਥਿਕ ਅਖੰਡਤਾ ਨੂੰ ਖਤਰੇ ਵਿੱਚ ਪਾਉਣ ਵਾਲੇ ਵਿਸਤ੍ਰਿਤ ਟੈਕਸ ਧੋਖਾਧੜੀ ਨੈੱਟਵਰਕਾਂ ਨੂੰ ਖ਼ਤਮ ਕਰਨ ਵੱਲ ਇੱਕ ਫੈਸਲਾਕੁੰਨ ਕਦਮ ਸਾਬਿਤ ਹੋਵੇਗਾ। ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਸਪੈਸ਼ਲ ਫ਼ਰਾਡ ਡਿਟੈਕਸ਼ਨ ਯੂਨਿਟ (ਐੱਸ.ਐੱਫ.ਡੀ.ਯੂ.) ਦੀ ਸਥਾਪਨਾ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਇੱਕ ਅਜਿਹਾ ਟੈਕਸ ਮਾਹੌਲ ਪੈਦਾ ਕਰਨ ਦੇ ਪੱਕੇ ਇਰਾਦੇ ਨੂੰ ਦਰਸਾਉਂਦੀ ਹੈ ਜੋ ਨਾ ਸਿਰਫ਼ ਵਧੇਰੇ ਜਵਾਬਦੇਹ ਅਤੇ ਪਾਰਦਰਸ਼ੀ ਸਗੋਂ ਧੋਖਾਧੜੀ ਵਾਲੀਆਂ ਗਤੀਵਿਧੀਆਂ ਪ੍ਰਤੀ ਵੀ ਪ੍ਰਭਾਵਸ਼ਾਲੀ ਹੋਵੇ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਐੱਸ.ਐੱਫ.ਡੀ.ਯੂ. ਟੈਕਸ ਚੋਰੀ ਦਾ ਪਤਾ ਲਗਾਉਣ ਅਤੇ ਰੋਕਣ ਲਈ ਸਰਗਰਮ ਉਪਾਅ ਕਰਕੇ ਸੂਬੇ ਦੇ ਮਾਲੀਏ ਦੀ ਰਾਖੀ ਕਰਨ ਅਤੇ ਪਾਲਣਾ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਵਿੱਚ ਇੱਕ ਅਹਿਮ ਭੂਮਿਕਾ ਨਿਭਾਏਗਾ, ਜਿਸ ਨਾਲ ਆਖਰਕਾਰ ਸੂਬੇ ਦੀ ਆਰਥਿਕ ਸਥਿਰਤਾ ਅਤੇ ਵਿਕਾਸ ਵਿੱਚ ਯੋਗਦਾਨ ਪਵੇਗਾ।

## ਦੁਬਈ ਤੋਂ ਮ੍ਰਿਤਕ ਸਰੀਰ ਭਾਰਤ ਪੁੱਜਾ

# ਸਰਬੱਤ ਦਾ ਭਲਾ ਟਰੱਸਟ ਵੱਲੋਂ ਮੁਫ਼ਤ ਐਂਬੂਲੈਂਸ ਸੇਵਾ ਰਾਹੀਂ ਹਵਾਈ ਅੱਡੇ ਤੋਂ ਘਰ ਭੇਜਿਆ ਗਿਆ ਮ੍ਰਿਤਕ ਸਰੀਰ

ਬਾਘਾ ਪੁਰਾਣਾ
ਸਾਂਝੀ ਸੋਚ ਬਿਊਰੋ

ਜ਼ਿਲ੍ਹਾ ਮੋਗਾ ਦੀ ਤਹਿਸੀਲ ਬਾਘਾ ਪੁਰਾਣਾ ਦੇ ਪਿੰਡ ਰਾਜੇਆਣਾ ਨਾਲ ਸਬੰਧਿਤ 34 ਸਾਲਾ ਅਜੇ ਕੁਮਾਰ ਪੁੱਤਰ ਰਾਮ ਪ੍ਰਕਾਸ਼ ਦਾ ਮ੍ਰਿਤਕ ਸਰੀਰ ਅੱਜ ਦੁਬਈ ਤੋਂ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਵਿਖੇ ਪੁੱਜਿਆ, ਜਿਸ ਉਪਰੰਤ ਸਰਬੱਤ ਦਾ ਭਲਾ ਟਰੱਸਟ ਦੀ ਮੁਫ਼ਤ ਐਂਬੂਲੈਂਸ ਸੇਵਾ ਰਾਹੀਂ ਉਸ ਦੇ ਘਰ ਭੇਜਿਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੁਬਈ ਦੇ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ.ਐੱਸ.ਪੀ. ਸਿੰਘ ਓਬਰਾਏ ਨੇ ਦੱਸਿਆ ਅਜੇ ਕੁਮਾਰ ਵੀ ਹੋਰਨਾਂ ਨੌਜਵਾਨਾਂ ਵਾਂਗ ਆਪਣੇ ਪਰਿਵਾਰ ਦੀ ਗੁਰਬਤ ਨੂੰ ਦੂਰ ਕਰਨ ਲਈ ਕਰੀਬ ਪਿਛਲੇ 5 ਸਾਲਾਂ ਤੋਂ ਦੁਬਈ ਵਿਖੇ ਮਿਹਨਤ ਮਜ਼ਦੂਰੀ ਕਰ ਰਿਹਾ ਸੀ। ਉਨ੍ਹਾਂ ਦੱਸਿਆ ਕਿ ਪਰਿਵਾਰ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਿਕ ਬੀਤੀ 24 ਜੁਲਾਈ ਨੂੰ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਉਸਦੀ ਮੌਤ ਹੋ ਗਈ ਸੀ। ਉਨ੍ਹਾਂ ਦੱਸਿਆ ਕਿ ਅੱਜ ਅੰਮ੍ਰਿਤਸਰ ਹਵਾਈ ਅੱਡੇ ਤੋਂ ਮ੍ਰਿਤਕ ਸਰੀਰ ਪੀੜ੍ਹਤ ਪਰਿਵਾਰ ਦੀ ਹਾਜ਼ਰੀ 'ਚ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਸ਼ਿਸ਼ਪਾਲ ਸਿੰਘ ਲਾਡੀ, ਜਨਰਲ ਸਕੱਤਰ ਮਨਪ੍ਰੀਤ ਸਿੰਘ ਸੰਧੂ ਤੇ ਇੰਜੀ: ਜਗਦੇਵ ਸਿੰਘ ਛੀਨਾ ਵੱਲੋਂ ਪ੍ਰਾਪਤ ਕਰਕੇ ਟਰੱਸਟ ਦੀ 'ਮੁਫ਼ਤ



ਐਂਬੂਲੈਂਸ ਸੇਵਾ' ਰਾਹੀਂ ਉਸ ਦੇ ਘਰ ਤੱਕ ਭੇਜਿਆ ਗਿਆ ਹੈ। ਡਾ.ਉਬਰਾਏ ਨੇ ਇਹ ਵੀ ਦੱਸਿਆ ਕਿ ਅਜੇ ਕੁਮਾਰ ਦਾ ਮ੍ਰਿਤਕ ਸਰੀਰ ਭਾਰਤ ਭੇਜਣ ਤੇ ਆਇਆ ਖਰਚ ਉਸਦੀ ਕੰਮ ਵਾਲੀ ਕੰਪਨੀ ਵੱਲੋਂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਟਰੱਸਟ ਦੀ ਮੋਗੇ ਜਿਲ੍ਹੇ ਦੀ ਟੀਮ ਵੱਲੋਂ ਜਲਦ ਹੀ ਪਰਿਵਾਰ ਦੀ ਆਰਥਿਕ ਹਾਲਤ ਤੋਂ ਜਾਣੂ ਕਰਵਾਉਣ ਉਪਰੰਤ ਅਜੇ ਕੁਮਾਰ ਦੇ ਪਰਿਵਾਰ ਨੂੰ ਲੋੜ ਅਨੁਸਾਰ ਮਹੀਨਾਵਾਰ ਪੈਨਸ਼ਨ ਵੀ ਦਿੱਤੀ ਜਾਵੇਗੀ। ਜ਼ਿਕਰਯੋਗ ਹੈ ਕਿ ਡਾ.ਉਬਰਾਏ ਦੀ ਸਰਪ੍ਰਸਤੀ ਹੇਠ ਹੁਣ ਤੱਕ 422 ਦੇ ਕਰੀਬ ਬਦਨਸੀਬ ਨੌਜਵਾਨਾਂ ਦੇ ਮ੍ਰਿਤਕ ਸਰੀਰ ਉਨ੍ਹਾਂ ਦੇ ਵਾਰਸਾਂ ਤੱਕ ਪਹੁੰਚਾਏ ਜਾ ਚੁੱਕੇ ਹਨ ਅਤੇ ਪਿਛਲੇ ਕੁਝ ਅਰਸੇ ਤੋਂ ਹਵਾਈ ਅੱਡਾ ਅੰਮ੍ਰਿਤਸਰ ਤੋਂ ਮਿਤ੍ਰਕ ਸਰੀਰ ਘਰਾਂ ਤੱਕ ਪਹੁੰਚਣ ਲਈ ਮੁਫ਼ਤ ਐਂਬੂਲੈਂਸ ਸੇਵਾ ਵੀ ਸ਼ੁਰੂ ਕੀਤੀ ਗਈ ਹੈ। ਇਸ ਦੌਰਾਨ ਹਵਾਈ ਅੱਡੇ ਤੇ ਮੌਜੂਦ ਮ੍ਰਿਤਕ ਦੇ ਪਿਤਾ ਰਾਮ ਪ੍ਰਕਾਸ਼, ਭਰਾ ਦਵਿੰਦਰ ਕੁਮਾਰ, ਸੋਮਾ ਆਦਿ ਨੇ ਡਾ.ਐੱਸ.ਪੀ. ਸਿੰਘ ਓਬਰਾਏ ਦਾ ਇਸ ਔਖੀ ਘੜੀ ਵੇਲੇ ਵੱਡੀ ਮਦਦ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ।

# 5 ਹਜਾਰ ਆਂਗਣਵਾੜੀ ਵਰਕਰਾਂ ਤੇ ਸਹਾਇਕਾਂ ਦੀਆਂ ਅਸਾਮੀਆਂ ਭਰਨ ਦਾ ਐਲਾਨ

ਮਲੋਟ
ਸਾਂਝੀ ਸੋਚ ਬਿਊਰੋ

ਅੱਜ ਹਲਕਾ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਵਲੋਂ ਇਤਿਹਾਸਕ ਤੇ ਸਰਹੱਦੀ ਨਗਰੀ ਰਮਦਾਸ ਸਮੇਤ ਨੇੜੇ ਤੇੜੇ ਦੇ ਪਿੰਡਾਂ ਦੇ ਲੋਕਾਂ ਨੂੰ ਦਰਪੇਸ਼ ਪ੍ਰਸ਼ਾਸ਼ਨੀ ਸਮੱਸਿਆਵਾਂ ਦਾ ਨਿਆਂ ਦਿਵਾਉਣ ਲਈ ਸਿਵਲ ਤੇ ਪੁਲੀਸ ਪ੍ਰਸ਼ਾਸ਼ਨਿਕ ਅਧਿਕਾਰੀਆਂ ਦੀ ਮੌਜੂਦਗੀ 'ਚ ਨਗਰ ਰਮਦਾਸ ਵਿਖੇ ਜਨਤਾ ਦਰਬਾਰ ਲਗਾਇਆ ਗਿਆ, ਜਿਸ ਦੌਰਾਨ ਵਿਧਾਇਕ ਧਾਲੀਵਾਲ ਨੇ ਪੁਲੀਸ, ਸਿਹਤ, ਸਿੱਖਿਆ, ਵਿਕਾਸ, ਬਿਜਲੀ ਵਿਭਾਗ, ਸਿੰਚਾਈ ਵਿਭਾਗ, ਆਂਗਣਵਾੜੀ ਕੇਂਦਰਾਂ, ਤੇ ਪੰਚਾਇਤੀ ਰਾਜ ਸਮੇਤ ਅਜਨਾਲਾ ਸਬ ਡਵੀਜਨ ਚੋਂ ਲੰਘਦੇ ਕੌਮਾਂਤਰੀ ਰਾਵੀ ਦਰਿਆ 'ਚ ਸੰਭਾਵੀ ਹੜਾਂ ਬਾਰੇ ਵੀ ਮੁੱਦਾ ਉਠਾਉਣ ਆਦਿ ਵਿਭਾਗਾਂ ਨਾਲ ਜੁੜੀਆਂ ਦਰਜਨਾਂ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਮੌਕੇ 'ਤੇ ਪ੍ਰਸ਼ਾਸ਼ਨ ਕੋਲੋਂ ਹੱਲ ਕਰਵਾ ਕੇ ਇਨ੍ਹਾਂ ਦਿੱਕਤਾਂ ਦਾ ਹੱਲ ਕਰਵਾਉਣ ਲਈ ਦੂਰ ਨੇੜੇ ਦਫਤਰਾਂ 'ਚ ਜਾਣ ਸਮੇਂ ਹੁੰਦੀ ਖੱਜ਼ਲ ਖਰਾਬੀ ਤੋਂ ਵੱਡੀ ਰਾਹਤ ਦਿਵਾਈ। ਜਨਤਾ ਦਰਬਾਰ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਲੋਕ ਸੇਵਾ ਹੀ ਮਾਨਵਤਾ ਦੀ ਉਤਮ ਸੇਵਾ ਹੈ ਅਤੇ ਮਾਨਵਤਾ ਦੀ ਸੇਵਾ 'ਚੋਂ ਹੀ ਰੱਬ ਦੀ ਸੇਵਾ ਨਜ਼ਰ ਆਉਂਦੀ ਹੈ, ਜਿਸ ਦੇ ਮੱਦੇਨਜ਼ਰ ਉਨ੍ਹਾਂ ਸਮੇਤ ਉਨ੍ਹਾਂ ਦਾ ਪਰਿਵਾਰ ਦੇ ਵਿਧਾਨ ਸਭਾ ਹਲਕਾ



ਅਜਨਾਲਾ ਦੇ ਲੋਕਾਂ ਦੀ ਸੇਵਾ ਲਈ 24 ਘੰਟੇ ਦਰਵਾਜੇ ਖੁਲ੍ਹੇ ਹਨ। ਉਨ੍ਹਾਂ ਨੇ ਹਲਕੇ ਚ ਆਂਗਣਵਾੜੀ ਕੇਂਦਰਾਂ 'ਚ ਮੁਲਾਜਮਾਂ ਦੀ ਘਾਟ ਬਾਰੇ ਉੱਠੇ ਮੱਸਲੇ ਦੇ ਜੁਆਬ 'ਚ ਜਾਣਕਾਰੀ ਦਿੱਤੀ ਕਿ ਪੰਜਾਬ ਸਰਕਾਰ ਅਗਲੇ ਮਹੀਨੇ 30 ਸਤੰਬਰ ਤੱਕ 5 ਹਜਾਰ ਤੋਂ ਵੱਧ ਆਗਣਵਾੜੀ ਵਰਕਰ ਤੇ ਸਹਾਇਕਾਂ ਦੀ ਮੈਰਿਟ ਦੇ ਅਧਾਰ ਤੇ ਭਰਤੀ ਕਰਨ ਜਾ ਰਹੀ ਹੈ ਜਿਸ ਬਾਰੇ ਬਕਾਇਦਾ ਇਸੇ ਮਹੀਨੇ 22 ਅਗਸਤ ਨੂੰ ਨਵੀਂ ਭਰਤੀ ਲਈ ਮੀਡੀਆ 'ਚ ਇਸ਼ਤਿਹਾਰ ਜਾਰੀ ਕਰ ਦਿੱਤਾ ਜਾਵੇਗਾ ਅਤੇ ਆਂਗਣਵਾੜੀ ਵਰਕਰਾਂ ਤੇ ਸਹਾਇਕਾਂ ਲਈ ਨੌਕਰੀ ਲੈਣ ਦੇ ਇੱਛੁਕ ਉਮੀਦਵਾਰਾਂ ਨੂੰ ਵਿਭਾਗੀ ਪਤੇ ਤੇ ਆਪਣੀਆਂ ਅਰਜੀਆਂ 22 ਸਤੰਬਰ ਤੱਕ ਪੁੱਜਦੀਆਂ ਕਰਨੀਆਂ ਹੋਣਗੀਆਂ। ਸਾਬਕਾ ਮੰਤਰੀ ਤੇ ਵਿਧਾਇਕ ਧਾਲੀਵਾਲ ਨੇ ਸਿੱਖਾਂ ਦੇ 3 ਗੁਰੂਆਂ ਸ੍ਰੀ ਗੁਰੂ ਨਾਨਕ ਦੇਵ ਜੀ, ਸ੍ਰੀ ਗੁਰੂ ਰਾਮਦਾਸ ਜੀ ਤੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਸਮੇਤ ਬ੍ਰਹਮ ਗਿਆਨੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਜੀ ਦੇ ਪਹਿਲੇ ਹੈੱਡ ਗ੍ਰੰਥੀ ਬਾਬਾ ਬੁੱਢਾ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਨਗਰੀ ਰਮਦਾਸ ਦੇ ਵਿਕਾਸ ਪੱਖੋਂ ਸੁੰਦਰੀਕਰਨ ਦੀ ਜਾਣਕਾਰੀ ਦਿੰਦਿਆਂ ਪ੍ਰਗਟਾਵਾ ਕੀਤਾ ਕਿ ਰਮਦਾਸ ਵਿਖੇ 2.75 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਬਾਹਰੀ ਗੇਟ ਬਣਾਉਣ ਲਈ ਬਕਾਇਦਾ ਰਕਮ ਜਾਰੀ ਹੋ ਗਈ ਹੈ। ਜਦੋਂਕਿ ਅਜ਼ਾਦੀ ਪਿੱਛੋਂ ਸਾਬਕਾ ਸਰਕਾਰਾਂ ਦੇ ਥਪੇੜੇ ਝਲਦਾ ਆ ਰਿਹਾ ਖਸਤਾ ਹਾਲਤ ਰੇਲਵੇ ਪਲੇਟਫਾਰਮ ਦੀ ਨਵ ਉਸਾਰੀ ਅਤੇ ਇਸ ਰੇਲਵੇ ਸਟੇਸ਼ਨ ਦਾ ਨਾਮ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੇ ਨਾਂ ਤੇ ਰੱਖਣ ਲਈ ਪ੍ਰਵਾਨਗੀਆਂ ਲਈਆਂ ਹਨ। ਇਸ ਮੌਕੇ ਤੇ ਖੁਸ਼ਪਾਲ ਸਿੰਘ ਧਾਲੀਵਾਲ ਸਮੇਤ ਰਮਦਾਸ ਸ਼ਹਿਰੀ ਦੇ ਕੌਂਸਲਰ, ਇਲਾਕੇ ਦੇ ਪੰਚ ਸਰਪੰਚ ਤੇ ਪ੍ਰਸ਼ਾਸ਼ਨਿਕ ਅਧਿਕਾਰੀ ਮੌਜੂਦ ਸਨ।


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


Punjabi Cultural Society of Tracy
18th Annual Tracy Teeyan
Sunday August 3, 2025
Ladies Only
I.P.F.E.S. Portuguese Hall of Tracy, 400 W 9th St. Tracy, CA
With
Miss Pooja
ਵੇ ਮੈਂ ਪਰੀਆਂ ਤੋਂ ਵੱਧ ਸੋਹਣੀ
Hosted by
Asha Sharma
MEDIA PARTNER
SANJHI SOCH
Our Valuable Sponsors
PLATINUM
SAHI REALTY
CATERING
KHADIM JEWELERS
TRACY LIQUOR
LATHROP LIQUOR
SUBWAY
PAUL DAVIS
GOLD
Chevron
Dentistry
ROAD KING TRUCK LINES
ADVANCED Trucking
SANSAR
GOLD
KRUSS TRUCKING
CHADHA CONSTRUCTION CO. INC.
SUNRISE TRUCKING
Park Avenue Cleaners
CURRY PIZZA HOUSE
TRANSFORMING MINDS
DIAMOND
SUBWAY
SILVER
RAUNAK BAZAR
Kamal Transport
Satinder Gill
TRY-US TRANSPORTATION INC.
SILVER
Rajwinder Bal
Thank You For Your Sponsorship
LEHERIYA DESIGNS
SP SIDHU PRODUCTION
RANJIT
FOR SPONSORSHIP AND PARTICIPATION
PLEASE CONTACT
Tajinder Muhar (209) 640-9521
TICKET
$10.00 AFTER 3 PM | $25 KIDS UNDER 5 YEAR FREE
ਇਸ ਵਾਰ ਪਹਿਲਾਂ ਹੀ ਸਾਰੇ Vendors Book ਹਨ

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español

We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK





**1003 Moffat Blvd, Manteca CA 95336**

# 209-239-1551

# Chevron TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

(Or $9 off Chevron In-Store Purchase)

Contact :

BALRAJ SINGH PANNU
541-942-0105

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348

# 1993 ਦੇ ਤਰਨਤਾਰਨ ਫਰਜ਼ੀ ਮੁਕਾਬਲਾ ਮਾਮਲੇ ਦਾ ਫੈਸਲਾ ਆਇਆ, ਦੋਸ਼ੀਆਂ ਨੂੰ ਮਿਲੀ 'ਵੱਡੀ' ਸਜ਼ਾ

ਲੁਧਿਆਣਾ
ਸਾਂਝੀ ਸੋਚ ਬਿਊਰੋ

31 ਸਾਲਾਂ ਦੀ ਲੰਬੀ ਅਤੇ ਦਰਦਨਾਕ ਉਡੀਕ ਤੋਂ ਬਾਅਦ, 1993 ਦੇ ਤਰਨਤਾਰਨ ਫਰਜ਼ੀ ਮੁਕਾਬਲਾ ਕੇਸ, ਜੋ ਕਿ ਪੰਜਾਬ ਦੇ ਇਤਿਹਾਸ ਦੇ ਸਭ ਤੋਂ ਦਰਦਨਾਕ ਅਤੇ ਚਰਚਿਤ ਮਾਮਲਿਆਂ ਵਿੱਚੋਂ ਇੱਕ ਹੈ, ਵਿੱਚ ਆਖਰਕਾਰ ਇਨਸਾਫ਼ ਦਾ ਸੂਰਜ ਚੜ੍ਹਿਆ ਹੈ। ਸੋਮਵਾਰ ਨੂੰ, ਇੱਕ ਵਿਸ਼ੇਸ਼ ਸੀਬੀਆਈ ਅਦਾਲਤ ਨੇ ਇਸ ਮਾਮਲੇ ਵਿੱਚ 5 ਸੇਵਾਮੁਕਤ ਪੰਜਾਬ ਪੁਲਿਸ ਅਧਿਕਾਰੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ।

ਅਦਾਲਤ ਨੇ ਸੇਵਾਮੁਕਤ ਐਸਐਸਪੀ ਭੁਪਿੰਦਰਜੀਤ ਸਿੰਘ ਅਤੇ ਸੇਵਾਮੁਕਤ ਡੀਐਸਪੀ ਦਵਿੰਦਰ ਸਿੰਘ ਸਮੇਤ ਪੰਜਾਂ ਦੋਸ਼ੀਆਂ ਨੂੰ 7 ਨੌਜਵਾਨਾਂ ਦੇ ਕਤਲ ਅਤੇ ਅਪਰਾਧਿਕ ਸਾਜ਼ਿਸ਼ ਰਚਣ ਦਾ ਦੋਸ਼ੀ ਪਾਇਆ। ਫੈਸਲਾ ਸੁਣਾਏ ਜਾਣ ਤੋਂ ਬਾਅਦ ਅਦਾਲਤ ਵਿੱਚ ਮੌਜੂਦ ਪੀੜਤ ਪਰਿਵਾਰਾਂ ਦੀਆਂ ਅੱਖਾਂ ਹੰਝੂਆਂ ਨਾਲ ਭਰ ਗਈਆਂ।

ਇਹ ਦਰਦਨਾਕ 31 ਸਾਲ ਪੁਰਾਣਾ ਮਾਮਲਾ ਕੀ ਸੀ?

ਇਹ ਘਟਨਾ 1993 ਦੀ ਹੈ, ਜਦੋਂ ਪੰਜਾਬ ਅੱਤਵਾਦ ਦੇ ਕਾਲੇ ਦੌਰ ਵਿੱਚੋਂ ਗੁਜ਼ਰ ਰਿਹਾ ਸੀ।

1. 7 ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਤੋਂ ਚੁੱਕਿਆ ਗਿਆ: ਤਰਨਤਾਰਨ ਵਿੱਚ ਤਾਇਨਾਤ ਕੁਝ ਪੁਲਿਸ ਅਧਿਕਾਰੀਆਂ ਨੇ 7 ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਤੋਂ ਚੁੱਕਿਆ।

2. ਗੈਰ-ਕਾਨੂੰਨੀ ਹਿਰਾਸਤ ਅਤੇ ਤਸ਼ੱਦਦ: ਇਨ੍ਹਾਂ ਨੌਜਵਾਨਾਂ ਨੂੰ ਕਈ ਦਿਨਾਂ ਤੱਕ ਗੈਰ-ਕਾਨੂੰਨੀ ਹਿਰਾਸਤ ਵਿੱਚ ਰੱਖਿਆ ਗਿਆ ਅਤੇ ਬੇਰਹਿਮੀ ਨਾਲ ਤਸੀਹੇ ਦਿੱਤੇ ਗਏ।

3. ਫਰਜ਼ੀ ਮੁਕਾਬਲੇ ਵਿੱਚ ਕਤਲ: ਇਸ ਤੋਂ ਬਾਅਦ, ਪੁਲਿਸ ਨੇ ਦੋ ਵੱਖ-ਵੱਖ ਫਰਜ਼ੀ ਮੁਕਾਬਲੇ ਦੀਆਂ ਕਹਾਣੀਆਂ ਬਣਾ ਕੇ ਸਾਰੇ ਸੱਤਾਂ ਨੂੰ ਮਾਰ ਦਿੱਤਾ।

ਪੁਲਿਸ ਦੀ ਝੂਠੀ ਕਹਾਣੀ, ਜੋ ਅਦਾਲਤ ਵਿੱਚ ਸਾਬਤ ਨਹੀਂ ਹੋ ਸਕੀ



ਦੋਸ਼ੀ ਪੁਲਿਸ ਅਧਿਕਾਰੀਆਂ ਨੇ ਆਪਣੇ ਆਪ ਨੂੰ ਬਚਾਉਣ ਲਈ ਦੋ ਵੱਖ-ਵੱਖ ਝੂਠੇ ਮੁਕਾਬਲਿਆਂ ਦੀਆਂ ਕਹਾਣੀਆਂ ਘੜੀਆਂ ਸਨ:

1. ਪਹਿਲੀ ਕਹਾਣੀ: ਪੁਲਿਸ ਨੇ ਕਿਹਾ ਕਿ ਉਹ ਇੱਕ ਨੌਜਵਾਨ ਮੰਗਲ ਸਿੰਘ ਨੂੰ ਰਿਕਵਰੀ ਲਈ ਲੈ ਜਾ ਰਹੇ ਸਨ ਜਦੋਂ ਉਸਦੇ ਸਾਥੀਆਂ ਨੇ ਪੁਲਿਸ ਟੀਮ 'ਤੇ ਹਮਲਾ ਕਰ ਦਿੱਤਾ ਅਤੇ ਜਵਾਬੀ ਗੋਲੀਬਾਰੀ ਵਿੱਚ ਤਿੰਨ ਲੋਕ ਮਾਰੇ ਗਏ।

2. ਦੂਜੀ ਕਹਾਣੀ: ਪੁਲਿਸ ਦੇ ਅਨੁਸਾਰ, ਜਦੋਂ ਕੁਝ ਲੋਕਾਂ ਨੂੰ ਇੱਕ ਚੈੱਕ ਪੋਸਟ 'ਤੇ ਰੁਕਣ ਦਾ ਇਸ਼ਾਰਾ ਕੀਤਾ ਗਿਆ ਸੀ, ਤਾਂ ਉਹ ਨਹੀਂ ਰੁਕੇ, ਜਿਸ ਤੋਂ ਬਾਅਦ ਬਾਕੀ ਲੋਕ ਗੋਲੀਬਾਰੀ ਵਿੱਚ ਮਾਰੇ ਗਏ।

ਜਦੋਂ ਸੁਪਰੀਮ ਕੋਰਟ ਦੇ ਹੁਕਮਾਂ 'ਤੇ ਸੀਬੀਆਈ ਨੇ ਇਸ ਮਾਮਲੇ ਦੀ ਜਾਂਚ ਕੀਤੀ ਤਾਂ ਪੁਲਿਸ ਦੀਆਂ ਇਹ ਦੋਵੇਂ ਕਹਾਣੀਆਂ ਪੂਰੀ ਤਰ੍ਹਾਂ ਝੂਠੀਆਂ ਨਿਕਲੀਆਂ ਅਤੇ ਇਸ ਭਿਆਨਕ ਸਾਜ਼ਿਸ਼ ਦਾ ਪਰਦਾਫਾਸ਼ ਹੋ ਗਿਆ।

ਸਭ ਤੋਂ ਵੱਡਾ ਜ਼ੁਲਮ: ਮ੍ਰਿਤਕਾਂ ਦੀਆਂ ਲਾਸ਼ਾਂ ਵੀ ਨਹੀਂ ਦਿੱਤੀਆਂ ਗਈਆਂ

ਇਸ ਮਾਮਲੇ ਦਾ ਸਭ ਤੋਂ ਹੈਰਾਨ ਕਰਨ ਵਾਲਾ ਅਤੇ ਦਰਦਨਾਕ ਪਹਿਲੂ ਇਹ ਸੀ ਕਿ ਮਾਰੇ ਗਏ 7 ਨੌਜਵਾਨਾਂ ਵਿੱਚੋਂ 4 ਖੁਦ ਪੰਜਾਬ ਪੁਲਿਸ ਵਿੱਚ ਸਪੈਸ਼ਲ ਪੁਲਿਸ ਅਫਸਰ (ਐਸਪੀਓ) ਵਜੋਂ ਕੰਮ ਕਰ ਰਹੇ ਸਨ। ਪਰ ਦੋਸ਼ੀ ਪੁਲਿਸ ਵਾਲਿਆਂ ਨੇ ਉਨ੍ਹਾਂ ਨੂੰ ਅੱਤਵਾਦੀ ਕਹਿ ਕੇ ਝੂਠੇ ਮੁਕਾਬਲੇ ਵਿੱਚ ਮਾਰ ਦਿੱਤਾ।

ਪੀੜਤ ਪਰਿਵਾਰਾਂ 'ਤੇ ਸਭ ਤੋਂ ਵੱਡਾ ਜ਼ੁਲਮ ਇਹ ਸੀ ਕਿ ਉਨ੍ਹਾਂ ਨੂੰ ਨਾ ਤਾਂ ਉਨ੍ਹਾਂ ਦੇ ਬੱਚਿਆਂ ਦੀਆਂ ਲਾਸ਼ਾਂ ਸੌਂਪੀਆਂ ਗਈਆਂ ਅਤੇ ਨਾ ਹੀ ਉਨ੍ਹਾਂ ਨੂੰ ਅੰਤਿਮ ਸੰਸਕਾਰ ਕਰਨ ਦਿੱਤਾ ਗਿਆ।

ਇਨ੍ਹਾਂ 5 ਸੇਵਾਮੁਕਤ ਅਧਿਕਾਰੀਆਂ ਨੂੰ ਉਮਰ ਕੈਦ ਦੀ ਸਜ਼ਾ

ਅਦਾਲਤ ਨੇ ਇਨ੍ਹਾਂ 5 ਸਾਬਕਾ ਪੁਲਿਸ ਅਧਿਕਾਰੀਆਂ ਨੂੰ ਕਤਲ (ਧਾਰਾ 302) ਅਤੇ ਅਪਰਾਧਿਕ ਸਾਜ਼ਿਸ਼ (ਧਾਰਾ 120-ਬੀ) ਦੇ ਤਹਿਤ ਉਮਰ ਕੈਦ ਦੀ ਸਜ਼ਾ ਸੁਣਾਈ ਹੈ:

1. ਸੇਵਾਮੁਕਤ ਐਸਐਸਪੀ ਭੁਪਿੰਦਰਜੀਤ ਸਿੰਘ
2. ਸੇਵਾਮੁਕਤ ਡੀਐਸਪੀ ਦਵਿੰਦਰ ਸਿੰਘ
3. ਸੇਵਾਮੁਕਤ ਇੰਸਪੈਕਟਰ ਸੂਬਾ ਸਿੰਘ
4. ਸੇਵਾਮੁਕਤ ਇੰਸਪੈਕਟਰ ਰਘੁਬੀਰ ਸਿੰਘ
5. ਸੇਵਾਮੁਕਤ ਇੰਸਪੈਕਟਰ ਗੁਲਬਰਗ ਸਿੰਘ

ਇਸ ਮਾਮਲੇ ਵਿੱਚ ਕੁੱਲ 10 ਪੁਲਿਸ ਮੁਲਾਜ਼ਮਾਂ 'ਤੇ ਮਾਮਲਾ ਦਰਜ ਕੀਤਾ ਗਿਆ ਸੀ, ਜਿਨ੍ਹਾਂ ਵਿੱਚੋਂ 5 ਦੀ ਸੁਣਵਾਈ ਦੌਰਾਨ ਮੌਤ ਹੋ ਗਈ ਸੀ। 31 ਸਾਲਾਂ ਤੋਂ ਇਨਸਾਫ਼ ਦੀ ਉਡੀਕ ਕਰ ਰਹੇ ਪੀੜਤ ਪਰਿਵਾਰਾਂ ਨੇ ਅਦਾਲਤ ਦੇ ਇਸ ਇਤਿਹਾਸਕ ਫੈਸਲੇ 'ਤੇ ਸੰਤੁਸ਼ਟੀ ਪ੍ਰਗਟ ਕੀਤੀ ਹੈ।

# ਛੋਟੇ ਕਿਸਾਨਾਂ ਨੂੰ 'ਲੈਂਡ ਪੂਲਿੰਗ ਨੀਤੀ' ਦੀ ਮਾਰ ਝੱਲਣੀ ਪੈ ਰਹੀ- ਬਲਬੀਰ ਸਿੱਧੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਕਾਂਗਰਸ ਦੇ ਸੀਨੀਅਰ ਆਗੂ ਬਲਬੀਰ ਸਿੰਘ ਸਿੱਧੂ ਨੇ ਇੱਕ ਵਾਰ ਫਿਰ ਪੰਜਾਬ ਸਰਕਾਰ ਦੁਆਰਾ ਲਿਆਂਦੀ ਗਈ ਨਵੀਂ ਲੈਂਡ ਪੂਲਿੰਗ ਪਾਲਿਸੀ ਉੱਤੇ ਸਵਾਲ ਖੜ੍ਹੇ ਕੀਤੇ ਹਨ। ਅੱਜ ਇੱਥੇ ਜਾਰੀ ਇੱਕ ਪ੍ਰੈੱਸ ਬਿਆਨ ਰਾਹੀਂ ਸ੍ਰੀ ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਪੂਰੇ ਪੰਜਾਬ ਦੇ ਕਿਸਾਨਾਂ ਵੱਲੋਂ ਭਗਵੰਤ ਮਾਨ ਸਰਕਾਰ ਦੀ ਲੈਂਡ ਪੂਲਿੰਗ ਸਕੀਮ ਦਾ ਜ਼ਬਰਦਸਤ ਵਿਰੋਧ ਕੀਤੇ ਜਾਣ ਦੇ ਬਾਵਜੂਦ ਵੀ ਪੰਜਾਬ ਸਰਕਾਰ ਪਤਾ ਨਹੀਂ ਕਿਉਂ ਇਸ ਕਿਸਾਨ ਮਾਰੂ ਸਕੀਮ ਨੂੰ ਬਦਲਣਾ ਨਹੀਂ ਚਾਹੁੰਦੀ। ਸਿੱਧੂ ਨੇ ਕਿਹਾ ਕਿ ਦੇਖਿਆ ਜਾਵੇ ਤਾਂ ਪਿਛਲੀਆਂ ਪੰਜਾਬ ਸਰਕਾਰ ਨੇ ਲੰਘੇ ਢਾਈ ਦਹਾਕੇ ਵਿਚ ਰਿਹਾਇਸ਼ੀ ਅਤੇ ਸਨਅਤੀ ਪ੍ਰਾਜੈਕਟਾਂ ਲਈ ਕਰੀਬ 11 ਹਜ਼ਾਰ ਏਕੜ ਜ਼ਮੀਨ ਐਕੁਆਇਰ ਕੀਤੀ ਸੀ। ਪਰ ਮੌਜੂਦਾ ਆਪ ਸਰਕਾਰ ਨੇ ਹੁਣ ਲੈਂਡ ਪੂਲਿੰਗ ਨੀਤੀ ਤਹਿਤ 65,533 ਏਕੜ ਜ਼ਮੀਨ ਐਕੁਆਇਰ ਕਰਨ ਦੀ ਤਜਵੀਜ਼ ਘੜੀ ਹੈ। ਸਿੱਧੂ ਨੇ ਕਿਹਾ ਕਿ ਜੇਕਰ ਢਾਈ ਦਹਾਕੇ ਦੇ ਇਤਿਹਾਸ ਉੱਤੇ ਨਜ਼ਰ ਮਾਰੀਏ ਤਾਂ ਰਿਹਾਇਸ਼ੀ ਅਤੇ ਸਨਅਤੀ ਪ੍ਰਾਜੈਕਟਾਂ ਲਈ ਕਦੇ ਵੀ ਇੱਕਦਮ ਵੱਡੀ ਗਿਣਤੀ ਵਿਚ ਜ਼ਮੀਨ ਐਕੁਆਇਰ ਨਹੀਂ ਕੀਤੀ ਗਈ। ਪ੍ਰਾਪਤ ਵੇਰਵਿਆਂ ਅਨੁਸਾਰ ਸ਼ਹਿਰੀ ਵਿਕਾਸ ਅਥਾਰਿਟੀਆਂ ਵੱਲੋਂ ਸਾਲ 2000 ਤੋਂ ਹੁਣ ਤਕ 10 ਹਜ਼ਾਰ 967 ਏਕੜ ਜ਼ਮੀਨ ਐਕੁਆਇਰ ਕੀਤੀ ਗਈ ਹੈ, ਜਿਸ ਵਿਚ ਰਿਹਾਇਸ਼ੀ ਕਾਲੋਨੀਆਂ ਉਸਰੀਆਂ ਹਨ ਜਾਂ ਸਨਅਤੀ ਪ੍ਰਾਜੈਕਟ ਲੱਗੇ ਹਨ। ਇਸ ਐਕੁਆਇਰ ਜ਼ਮੀਨ ਵਿੱਚੋਂ 8 ਹਜ਼ਾਰ ਏਕੜ ਜਗ੍ਹਾ ਡਿਵੈਲਪ ਕੀਤੀ ਜਾ ਚੁੱਕੀ ਹੈ। ਸਿੱਧੂ ਨੇ ਕਿਹਾ ਕਿ ਪੰਜਾਬ ਵਿਚ ਜੋ ਪ੍ਰਾਈਵੇਟ ਡਿਵੈਲਪਰਾਂ ਨੇ ਕਾਲੋਨੀਆਂ



ਜਾਂ ਫਲੈਟ ਆਦਿ ਉਸਾਰੇ ਹਨ ਉਨ੍ਹਾਂ ਦੀ ਜ਼ਮੀਨ ਪ੍ਰਾਪਤੀ ਵੱਖਰੀ ਹੈ। ਰੀਅਲ ਅਸਟੇਟ ਰੈਗੂਲੇਟਰੀ ਅਥਾਰਿਟੀ (ਰੇਰਾ) ਪੰਜਾਬ ਦੀ ਸੂਚਨਾ ਅਨੁਸਾਰ ਇਸ ਵੇਲੇ ਤਕ 1780 ਪ੍ਰਾਜੈਕਟਾਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ, ਜਿਸ ਵਿਚ ਮੁਹਾਲੀ ਵਿਚ ਸਭ ਤੋਂ ਜ਼ਿਆਦਾ 484 ਪ੍ਰਾਜੈਕਟ ਹਨ। ਇਸੇ ਤਰ੍ਹਾਂ ਲੁਧਿਆਣਾ ਵਿਚ 120, ਬਠਿੰਡਾ ਵਿੱਚ 100, ਜਲੰਧਰ ਵਿਚ 50, ਪਟਿਆਲਾ ਵਿਚ 53, ਸੰਗਰੂਰ ਵਿੱਚ 23, ਬਰਨਾਲਾ ਵਿੱਚ 25 ਅਤੇ ਅੰਮ੍ਰਿਤਸਰ ਵਿੱਚ 26 ਪ੍ਰਾਜੈਕਟ ਹਨ। ਇਸ ਸਭ ਦੇ ਬਾਵਜੂਦ ਮਾਨ ਸਰਕਾਰ ਹੁਣ ਇੱਕੋ ਹੱਲੇ ਪੰਜਾਬ ਦੇ ਕਿਸਾਨਾਂ ਦੀ 66 ਹਜ਼ਾਰ ਏਕੜ ਦੇ ਕਰੀਬ ਜ਼ਮੀਨ ਐਕੁਆਇਰ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਹੁਣ ਸਵਾਲ ਇਹ ਉੱਠਦਾ ਹੈ ਕਿ ਜਦੋਂ ਪਿਛਲੀ ਸਰਕਾਰਾਂ ਲਗਭਗ 25 ਸਾਲਾਂ ਦੇ ਅੰਦਰ ਸਿਰਫ਼ 11 ਹਜ਼ਾਰ ਏਕੜ ਜ਼ਮੀਨ ਪੂਰੀ ਵਿਕਸਿਤ ਨਹੀਂ ਕਰ ਸਕੀਆਂ ਤਾਂ ਹੁਣ ਭਗਵੰਤ ਮਾਨ ਸਰਕਾਰ ਡੇਢ ਸਾਲਾਂ ਵਿਚ ਅਜਿਹੀ ਕਿਹੜੀ ਜਾਦੂ ਦੀ ਛੜੀ ਘੁੰਮਾ ਕੇ 66 ਹਜ਼ਾਰ ਏਕੜ ਜ਼ਮੀਨ ਨੂੰ ਰਿਹਾਇਸ਼ੀ ਅਤੇ ਸਨਅਤੀ ਪ੍ਰਾਜੈਕਟਾਂ ਲਈ ਵਿਕਸਿਤ ਕਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰੋਂ ਪਹਿਲਾਂ ਹੀ ਉਦਯੋਗਿਕ ਇਕਾਈਆਂ ਹਿਜਰਤ ਕਰ ਕੇ ਦੂਜੇ ਰਾਜਾਂ ਵਿਚ ਸ਼ਿਫ਼ਟ ਹੋ ਰਹੀਆਂ ਹਨ। ਸਿੱਧੂ ਨੇ ਕਿਹਾ ਕਿ ਪੰਜਾਬ ਅੰਦਰ ਖੇਤੀਬਾੜੀ ਲਈ ਜਗ੍ਹਾ ਲਗਾਤਾਰ ਘਟਦੀ ਜਾ ਰਹੀ ਹੈ। ਸਰਕਾਰ ਦੁਆਰਾ ਧੜੱਲੇ ਨਾਲ ਜ਼ਮੀਨਾਂ ਐਕੁਆਇਰ ਕੀਤੇ ਜਾਣ ਕਾਰਨ ਛੋਟੇ ਕਿਸਾਨਾਂ ਨੂੰ ਸਭ ਤੋਂ ਜ਼ਿਆਦਾ ਮਾਰ ਝੱਲਣੀ ਪੈ ਰਹੀ ਹੈ ਕਿਉਂਕਿ ਜ਼ਮੀਨ ਐਕੁਆਇਰ ਹੋਣ ਤੋਂ ਬਾਅਦ ਉਨ੍ਹਾਂ ਨੂੰ ਬਹੁਤ ਹੀ ਘੱਟ ਮੁਆਵਜ਼ਾ ਮਿਲਦਾ ਹੈ ਅਤੇ ਉਸ ਮੁਆਵਜ਼ੇ ਦੀ ਰਾਸ਼ੀ ਨਾਲ ਅੱਗੇ ਵੀ ਜ਼ਮੀਨ ਬਹੁਤ ਘੱਟ ਅਤੇ ਸ਼ਹਿਰਾਂ ਤੋਂ ਦੂਰ ਮਿਲਣ ਕਾਰਨ ਉਨ੍ਹਾਂ ਦੀ ਆਮਦਨ ਬਹੁਤ ਹੀ ਘੱਟ ਰਹਿ ਜਾਂਦੀ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੂੰ ਲੈਂਡ ਪੂਲਿੰਗ ਦੇ ਨਾਂਅ ਉੱਤੇ ਨਵੀਂ ਜ਼ਮੀਨ ਐਕੁਆਇਰ ਕਰ ਕੇ ਕਿਸਾਨਾਂ ਦਾ ਉਜਾੜਾ ਕਰਨ ਦੀ ਬਜਾਇ ਪਹਿਲਾਂ ਤੋਂ ਐਕੁਆਇਰ ਕੀਤੀ ਗਈ ਜ਼ਮੀਨ ਨੂੰ ਵਿਕਸਿਤ ਕਰਨਾ ਚਾਹੀਦਾ ਹੈ। ਜਿਸ ਦੇ ਮੁਕੰਮਲ ਹੋਣ ਤੋਂ ਬਾਅਦ ਹੀ ਕਿਸਾਨਾਂ ਦੀ ਸਹਿਮਤੀ ਨਾਲ ਹੋਰ ਜ਼ਮੀਨ ਐਕੁਆਇਰ ਕਰਨ ਦੀ ਗੱਲ ਸੋਚਣੀ ਚਾਹੀਦੀ ਹੈ।

# ਮੋਟਰਸਾਈਕਲ ਚੋਰੀ ਕਰਨ ਵਾਲੇ ਗਰੋਹ ਦੇ ਤਿੰਨ ਮੈਂਬਰ ਗ੍ਰਿਫ਼ਤਾਰ, 9 ਦੋ-ਪਹੀਆ ਵਾਹਨ ਬਰਾਮਦ

ਲੁਧਿਆਣਾ
ਸਾਂਝੀ ਸੋਚ ਬਿਊਰੋ

ਕਮਿਸ਼ਨਰ ਪੁਲਿਸ ਲੁਧਿਆਣਾ ਸਵਪਨ ਸ਼ਰਮਾ ਇਫਸ਼ ਦੇ ਦਿਸ਼ਾ ਨਿਰਦੇਸ਼ ਹੇਠ ਕਮਿਸ਼ਨਰ ਪੁਲਿਸ ਲੁਧਿਆਣਾ ਵੱਲੋਂ ਲੁੱਟਾਂ ਖੋਹਾਂ ਅਤੇ ਚੋਰੀ ਦੀਆਂ ਵਾਰਦਾਤਾਂ ਨੂੰ ਟਰੇਸ ਕਰਨ ਦੀ ਚਲਾਈ ਮੁਹਿੰਮ ਦੌਰਾਨ 3 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਜਿਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਕੰਵਲਪ੍ਰੀਤ ਸਿੰਘ ਚਾਹਲ ਫਫਸ਼ ਵਧੀਕ ਡਿਪਟੀ ਕਮਿਸ਼ਨਰ ਪੁਲਿਸ ਜੋਨ-3 ਲੁਧਿਆਣਾ ਜੀ ਨੇ ਦੱਸਿਆ ਕਿ ਗੁਰ ਇਕਬਾਲ ਸਿੰਘ ਸਹਾਇਕ ਕਮਿਸ਼ਨਰ ਪੁਲਿਸ ਸਿਵਲ ਲਾਈਨਜ਼ ਲੁਧਿਆਣਾ ਦੀ ਅਗਵਾਈ ਹੇਠ, ਥਾਣਾ ਡਵੀਜਨ ਨੰਬਰ 8 ਦੇ ਮੁੱਖ ਅਫਸਰ ਅਮਰਜੀਤ ਸਿੰਘ ਅਤੇ ਚੌਕੀ ਇੰਚਾਰਜ ਘੁਮਾਰ ਮੰਡੀ ਬਲਬੀਰ ਸਿੰਘ ਦੀ ਪੁਲਿਸ ਪਾਰਟੀ ਨੇ ਚੋਰੀ ਅਤੇ ਲੁੱਟ ਦੀਆਂ ਵਾਰਦਾਤਾਂ ਨੂੰ ਟਰੇਸ ਕਰਨ ਦੀ ਚਲਾਈ ਮੁਹਿੰਮ ਦੌਰਾਨ, ਮੁੱਖਬਰ ਦੀ ਸੂਚਨਾ 'ਤੇ ਮੋਟਰਸਾਈਕਲ ਚੋਰੀ ਕਰਨ ਵਾਲੇ ਗਿਰੋਹ ਦੇ 3 ਦੋਸ਼ੀ ਆਕਾਸ਼ਦੀਪ ਸਿੰਘ ਪੁੱਤਰ ਗੁਰਮਿੰਦਰ ਸਿੰਘ, ਸਰਨਦੀਪ ਸਿੰਘ ਪੁੱਤਰ ਕਕਾ ਸਿੰਘ ਅਤੇ ਜਸਵਿੰਦਰ ਸਿੰਘ ਸਾਬੀ ਪੁੱਤਰ ਮਲਕੀਤ ਸਿੰਘ ਨੂੰ ਮੁਕਦਮਾ ਨੰਬਰ 194 ਮਿਤੀ 30-7-25 ਅ/ਧ 303(2), 317(2), ਬੀਐਨਐਸ ਥਾਣਾ ਡਵੀਜ਼ਨ ਨੰਬਰ-8 ਲੁਧਿਆਣਾ ਵਿੱਚ ਗ੍ਰਿਫਤਾਰ ਕਰਕੇ 3 ਦੋਸ਼ੀਆਂ ਕੋਲੋਂ 8 ਮੋਟਰਸਾਈਕਲਾਂ (ਮਾਰਕਾ ਹੀਰੋ ਹੋਂਡਾ,ਸਪਲੈਂਡਰ) ਅਤੇ 1 ਐਕਟਿਵਾ ਸਕੂਟਰ ਬਰਾਮਦ ਕੀਤੇ ਗਏ। ਦੋਸ਼ੀ ਜਸਵਿੰਦਰ ਸਿੰਘ ਉਰਫ ਸਾਬੀ ਖਿਲਾਫ ਪਹਿਲਾਂ ਵੀ ਵੱਖ-ਵੱਖ ਥਾਣਿਆਂ ਵਿੱਚ ਪੰਜ ਮੁਕਦਮੇ ਦਰਜ ਹਨ, ਅਗਲੀ ਕਾਨੂੰਨੀ ਕਾਰਵਾਈ ਜਾਰੀ ਹੈ।


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੇ ਵੱਧ ਖਰਚਦੇ ਹੋ ਤਾਂ 1 ਪਲੈਟ ਪਾਣੀਪੁਰੀ FREE
OPEN 7 DAYS A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

# ਗਦਰ ਮੈਮੋਰੀਅਲ ਫਾਊਂਡੇਸ਼ਨ ਆਫ਼ ਯੂਐਸਏ ਵੱਲੋਂ ਗਦਰੀ ਬਾਬਿਆਂ ਦੀ ਯਾਦ ਵਿੱਚ ਸਲਾਨਾ ਕਾਨਫਰੰਸ ਕਰਵਾਈ ਗਈ

ਲੁਧਿਆਣਾ
ਸਾਂਝੀ ਸੋਚ ਬਿਊਰੋ

ਗਦਰ ਮੈਮੋਰੀਅਲ ਫਾਊਂਡੇਸ਼ਨ ਆਫ ਯੂ ਐਸ ਏ, ਵੱਲੋਂ ਗਦਰੀ ਬਾਬਿਆਂ ਦੀ ਯਾਦ ਵਿੱਚ ਸਲਾਨਾ ਕਾਨਫਰੰਸ ਐਲਕਗਰੋਵ ਸ਼ਹਿਰ ਦੇ ਹੌਲੀਡੇਅ ਇੰਨ ਹੋਟਲ ਦੇ ਹਾਲ ਵਿੱਚ ਬਹੁਤ ਵਧੀਆ ਤਰੀਕੇ ਨਾਲ ਕਰਵਾਈ ਗਈ। ਇਹ ਕਾਨਫਰੰਸ ਮਾਤਾ ਗੁਲਾਬ ਕੌਰ ਤੇ ਦੁਰਗਾ ਭਾਬੀ ਨੂੰ ਸਮਰਪਿਤ ਰਹੀ। ਇਸ ਮੌਕੇ ਮੈਡਮ ਹਰਿੰਦਰ ਕੌਰ ਸੋਹੀ, ਡਾ. ਪ੍ਰਿਥੀਪਾਲ ਸਿੰਘ ਸੋਹੀ, ਪੱਤਰਕਾਰ ਪਰਮਵੀਰ ਸਿੰਘ ਬਾਠ ਉਚੇਚੇ ਤੌਰ ਤੇ ਪਹੁੰਚੇ ਹੋਏ ਸਨ। ਸਟੇਜ ਸੰਚਾਲਨ ਛੋਟੀ ਭੈਣ ਜੋਤ ਰਣਜੀਤ ਨੇ ਬਾਖੂਬੀ ਕੀਤਾ। ਬਾਈ ਗੁਲਿੰਦਰ ਗਿੱਲ ਅਤੇ ਸਾਰੀ ਟੀਮ ਵੱਲੋਂ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਸਨ। ਇਸ ਮੌਕੇ ਫਰਿਜਨੋ ਤੋਂ ਇੰਡੋ ਯੂ ਐੱਸ ਹੈਰੀਟੇਜ ਫਰਿਜ਼ਨੋ ਦੇ ਮੈਂਬਰ ਪਹੁੰਚੇ ਹੋਏ ਸਨ। ਫਰਿਜਨੋ ਤੋ ਬਾਈ ਰਣਜੀਤ ਗਿੱਲ, ਗੁਰਦੀਪ ਧਾਲੀਵਾਲ ਅਤੇ ਕਮਲਜੀਤ ਬੈਨੀਪਾਲ ਨੇ ਕਵਿੱਸ਼ਰੀ ਸੁਣਾਕੇ ਖ਼ੂਬ ਵਾਹ ਵਾਹ ਖੱਟੀ। ਬਾਕੀ ਦਾ ਸਮਾਗਮ ਤਸਵੀਰਾਂ ਦੀ ਜੁਬਾਨੀ।



























# ਗਦਰ ਮੈਮੋਰੀਅਲ ਫਾਊਂਡੇਸ਼ਨ ਆਫ਼ ਯੂਐਸਏ ਵੱਲੋਂ ਗਦਰੀ ਬਾਬਿਆਂ ਦੀ ਯਾਦ ਵਿੱਚ ਸਲਾਨਾ ਕਾਨਫਰੰਸ ਕਰਵਾਈ ਗਈ

























# ਪੰਜਾਬ ਦੀ 65000 ਏਕੜ ਜਮੀਨ ਕੌਡੀਆਂ ਦੇ ਭਾਅ ਦੇਣ ਦੀ ਤਿਆਰੀ 'ਚ ਸਰਕਾਰ- ਸੁਖਬੀਰ ਬਾਦਲ ਦਾ ਗੰਭੀਰ ਦੋਸ਼

ਰਈਆ
ਸਾਂਝੀ ਸੋਚ ਬਿਊਰੋ

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਦੇਸ਼ ਭਰ ਵਿਚ ਆਪ ਦੇ ਪ੍ਰਚਾਰ ਵਾਸਤੇ ਫੰਡ ਹਾਸਲ ਕਰਨ ਵਾਸਤੇ ਦਿੱਲੀ ਦੇ ਬਿਲਡਰਾਂ ਨੂੰ ਪੰਜਾਬ ਦੀ 30,000 ਕਰੋੜ ਰੁਪਏ ਮੁੱਲ ਦੀ ਬੇਸ਼ਕੀਮਤੀ 65,000 ਏਕੜ ਜ਼ਮੀਨ ਕੌਡੀਆਂ ਦੇ ਭਾਅ ਦੇਣ ਵਾਸਤੇ ਗੁਪਤ ਸਮਝੌਤਾ ਕੀਤਾ ਹੈ। ਇਥੇ ਡਿਪਟੀ ਕਮਿਸ਼ਨਰ ਦੇ ਦਫਤਰ ਮੂਹਰੇ ਇਤਿਹਾਸਕ ਧਰਨੇ ਜਿਸ ਵਿਚ ਪਾਰਟੀ ਵਰਕਰਾਂ ਅਤੇ ਕਿਸਾਨਾਂ ਨੇ ਭਰਵੀਂ ਸ਼ਮੂਲੀਅਤ ਕੀਤੀ, ਨੂੰ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਅਸੀਂ ਆਪ ਸਰਕਾਰ ਦੀ ਜ਼ਮੀਨ ਹੜੱਪ ਕਰਨ ਦੀ ਸਕੀਮ ਤਹਿਤ ਇਕ ਇੰਚ ਵੀ ਜ਼ਮੀਨ ਐਕਵਾਇਰ ਨਹੀਂ ਕਰਨ ਦਿਆਂਗੇ। ਉਹਨਾਂ ਕਿਹਾ ਕਿ ਅਸੀਂ ਆਪਣਾ ਸੰਘਰਸ਼ ਉਦੋਂ ਤੱਕ ਜਾਰੀ ਰੱਖਾਂਗੇ ਜਦੋਂ ਤੱਕ ਲੈਂਡ ਪੂਲਿੰਗ ਸਕੀਮ ਵਾਪਸ ਨਹੀਂ ਲਈ ਜਾਂਦੀ।

ਸਰਦਾਰ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਆਪ ਦੇ ਵਿਸਥਾਰ ਦਾ ਮੁੱਲ ਤਾਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਕੇਜਰੀਵਾਲ ਨੇ ਅਸਿੱਧੇ ਤੌਰ 'ਤੇ ਪੰਜਾਬ ਵਿਚ ਡੇਰੇ ਲਗਾ ਲਏ ਹਨ ਤੇ ਮੁਹਾਲੀ ਵਿਚ ਮਾਰਕਫੈਡ ਦੇ ਦਫਤਰ ਨੂੰ ਆਪਣੀ ਰਿਹਾਇਸ਼ ਬਣਾ ਲਿਆ ਹੈ। ਉਹਨਾਂ ਕਿਹਾ ਕਿ ਇਸੇ ਤਰੀਕੇ ਆਪ ਦੇ ਦਿੱਲੀ ਦੇ ਆਗੂ ਮਨੀਸ਼ ਸਿਸੋਦੀਆ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਚੰਡੀਗੜ੍ਹ ਰਿਹਾਇਸ਼ ਦੇ ਨਾਲ ਲੱਗਵਾਂ ਘਰ ਦੇ ਦਿੱਤਾ ਗਿਆ ਹੈ ਤਾਂ ਜੋ ਪੰਜਾਬ ਦੀ ਲੁੱਟ ਕੀਤੀ ਜਾ ਸਕੇ। ਉਹਨਾਂ ਕਿਹਾ ਕਿ ਇਹ ਦੋਵੇਂ ਤੇ ਦਿੱਲੀ ਦੇ ਹੋਰ ਲੋਕ ਸੂਬੇ ਦੀ ਵਾਗਡੋਰ ਚਲਾ ਰਹੇ ਹਨ ਅਤੇ ਪੰਜਾਬ ਨੂੰ ਲੁੱਟ ਕੇ ਖਾਣਾ ਚਾਹੁੰਦੇ ਹਨ।



ਉਹਨਾਂ ਕਿਹਾ ਕਿ ਅਕਾਲੀ ਦਲ ਮੁੱਖ ਸਕੱਤਰ ਦੀ ਅਗਵਾਈ ਵਾਲੀ ਪੰਜ ਮੈਂਬਰੀ ਕਮੇਟੀ ਨੂੰ ਸੂਬੇ ਵਿਚ ਜ਼ਮੀਨ ਐਕਵਾਇਰ ਕਰਨ ਦੀ ਨਿਗਰਾਨੀ ਨਹੀਂ ਕਰਨ ਦੇਵੇਗਾ। ਉਹਨਾਂ ਕਿਹਾ ਕਿ ਅਸੀਂ ਚਾਰ ਬਾਹਰਲਿਆਂ ਵਾਲੀ ਇਸ ਕਮੇਟੀ ਨੂੰ ਪੰਜਾਬ ਵਿਚ ਦਾਖਲ ਨਹੀਂ ਹੋਣ ਦਿਆਂਗੇ। ਉਹਨਾਂ ਨੇ ਮੁੱਖ ਸਕੱਤਰ ਨੂੰ ਵੀ ਆਖਿਆ ਕਿ ਉਹ ਇਸ ਗੈਰ ਕਾਨੂੰਨੀ ਐਕਵਾਇਰ ਪ੍ਰਕਿਰਿਆ ਵਿਚ ਧਿਰ ਨਾ ਬਣਨ ਜੋ ਜ਼ਮੀਨ ਐਕਵਾਇਰ ਕਰਨ ਲਈ 2013 ਦੇ ਕੇਂਦਰੀ ਐਕਟ ਨੂੰ ਮੰਨਣ ਦੀ ਥਾਂ ਸੂਬੇ ਦੇ 1995 ਦੇ ਐਕਟ ਤਹਿਤ ਐਕਵਾਇਰ ਕੀਤੀ ਜਾ ਰਹੀ ਹੈ ਜਿਸ ਰਾਹੀਂ ਕਿਸਾਨਾਂ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ। ਸਰਦਾਰ ਬਾਦਲ ਨੇ ਇਹ ਵੀ ਸਪਸ਼ਟ ਕੀਤਾ ਕਿ ਕਿਸਾਨਾਂ ਨੂੰ ਸਭ ਤੋਂ ਵੱਡਾ ਨੁਕਸਾਨ ਹੋ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਵਿਚ ਪਿਛਲੇ 25 ਸਾਲਾਂ ਵਿਚ 11,000 ਏਕੜ ਜ਼ਮੀਨ ਐਕਵਾਇਰ ਕੀਤੀ ਗਈ ਜਿਸ ਵਿਚੋਂ 3,000 ਏਕੜ ਹਾਲੇ ਵਿਕਸਤ ਕਰਨੀ ਬਾਕੀ ਹੈ। ਉਹਨਾਂ ਕਿਹਾ ਕਿ ਇਸੇ ਤਰੀਕੇ 75 ਸਾਲ ਪਹਿਲਾਂ ਚੰਡੀਗੜ੍ਹ ਵਸਾਉਣ ਵਾਸਤੇ 28,000 ਏਕੜ ਜ਼ਮੀਨ ਐਕਵਾਇਰ ਕੀਤੀ ਗਈ ਸੀ ਜਿਸ ਵਿਚੋਂ 8,000 ਏਕੜ ਹਾਲੇ ਖਾਲੀ ਪਈ ਹੈ। ਉਹਨਾਂ ਕਿਹਾ ਕਿ ਆਪ ਸਰਕਾਰ ਇਹ ਕਿਵੇਂ ਮੰਨ ਰਹੀ ਹੈ ਕਿ ਉਹ 44,000 ਏਕੜ ਜ਼ਮੀਨ ਵਿਕਸਤ ਕਰ ਲਵੇਗੀ ਜਿਸ ਵਿਚੋਂ 24,000 ਏਕੜ ਇਕੱਲੇ ਲੁਧਿਆਣਾ ਵਿਚ ਐਕਵਾਇਰ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਕਿਸਾਨਾਂ ਦੀ ਜ਼ਮੀਨ ਲੰਬੇ ਤੱਕ ਵਿਕਸਤ ਹੋਣ ਵਾਲੀ ਨਹੀਂ ਹੈ ਜਿਸ ਕਾਰਨ ਉਹ ਬਰਬਾਦ ਹੋ ਜਾਣਗੇ ਅਤੇ ਜਿਥੇ ਜ਼ਮੀਨ ਐਕਵਾਇਰ ਹੋਣੀ ਹੈ, ਉਹਨਾਂ ਇਲਾਕਿਆਂ ਵਿਚ ਖੇਤੀ ਅਰਥਚਾਰਾ ਵੀ ਤਬਾਹ ਹੋ ਜਾਵੇਗਾ।

ਸਰਦਾਰ ਬਾਦਲ ਨੇ ਕਿਹਾ ਕਿ ਕੁਝ ਪੰਚਾਇਤ ਨੇ ਤਾਂ ਪਹਿਲਾਂ ਹੀ ਜ਼ਮੀਨ ਦੇਣ ਤੋਂ ਇਨਕਾਰ ਕਰਦਿਆਂ ਮਤੇ ਵੀ ਪਾਸ ਕਰ ਦਿੱਤੇ ਹਨ। ਉਹਨਾਂ ਕਿਹਾ ਕਿ ਜਲਦੀ ਹੀ ਇਹ ਲੋਕ ਲਹਿਰ ਬਣ ਜਾਵੇਗੀ। ਉਹਨਾਂ ਇਹ ਵੀ ਦੱਸਿਆ ਕਿ 2027 ਵਿਚ ਸੂਬੇ ਵਿਚ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਅਜਿਹੀ ਨੀਤੀ ਲਿਆਂਦੀ ਜਾਵੇਗੀ ਜਿਸ ਤਹਿਤ ਸੂਬੇ ਤੋਂ ਬਾਹਰਲਿਆਂ ਨੂੰ ਸੂਬੇ ਵਿਚ ਜ਼ਮੀਨ ਖਰੀਦਣ ਦੀ ਆਗਿਆ ਨਹੀਂ ਦਿੱਤੀ ਜਾਵੇਗੀ। ਉਹਨਾਂ ਕਿਹਾ ਕਿ ਇਸੇ ਤਰੀਕੇ ਸਰਕਾਰੀ ਨੌਕਰੀਆਂ ਸਿਰਫ ਪੰਜਾਬੀ ਨੌਜਵਾਨਾਂ ਨੂੰ ਹੀ ਦੇਣ ਦਾ ਕਾਨੂੰਨ ਬਣਾਇਆ ਜਾਵੇਗਾ। ਉਹਨਾਂ ਜ਼ੋਰ ਦੇ ਕੇ ਇਹ ਵੀ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਸੂਬੇ ਵਿਚ ਨਵੀਂ ਸਨਅਤ ਲਿਆਵੇਗੀ ਅਤੇ ਇੰਡਸਟਰੀ ਵਿਚ 80 ਫੀਸਦੀ ਨੌਕਰੀਆਂ ਪੰਜਾਬੀਆਂ ਨੂੰ ਦੇਣ ਦੀ ਸ਼ਰਤ ਰੱਖੀ ਜਾਵੇਗੀ।

ਇਸ ਮੌਕੇ ਪਾਰਟੀ ਆਗੂ ਜਨਮੇਜਾ ਸਿੰਘ ਸੇਖੋਂ, ਸਿਕੰਦਰ ਸਿੰਘ ਮਲੂਕਾ, ਜਗਸੀਰ ਸਿੰਘ ਕਲਿਆਣ, ਜਤਿੰਦਰ ਸੋਢੀ, ਬਲਕਾਰ ਬਰਾੜ, ਰਵੀਪ੍ਰੀਤ ਸਿੱਧੂ, ਪ੍ਰੇਮ ਅਰੋੜਾ, ਮਾਨ ਸਿੰਘ ਗੁਰੂ, ਇਕਬਾਲ ਸਿੰਘ ਬਬਲੀ ਢਿੱਲੋਂ, ਸੁਸ਼ੀਲ ਗੋਲਡੀ, ਹਰਿੰਦਰ ਸਿੰਘ ਹਿੰਦਾ, ਮੋਹਨ ਸਿੰਘ ਬੰਗੀ, ਬੀਬੀ ਜੋਗਿੰਦਰ ਕੌਰ, ਬਲਜੀਤ ਸਿੰਘ ਬੀਰਬਹਿਮਣ, ਮੋਹਿਤ ਗੁਪਤਾ, ਹਰਪ੍ਰੀਤ ਸਿੰਘ ਕੋਟਭਾਈ,ਬਲਬੀਰ ਸਿੰਘ ਬੀਰੋਕੇ, ਤੇਜਿੰਦਰ ਮਿੱਡੂਖੇਡਾ, ਰਾਜਵਿੰਦਰ ਸਿੰਘ ਧਰਮਕੋਟ, ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਆਕਾਸ਼ਦੀਪ ਸਿੰਘ ਮਿੱਡੂਖੇੜਾ, ਐਸ ਓ ਆਈ ਪ੍ਰਧਾਨ ਰਣਬੀਰ ਸਿੰਘ, ਲੱਪੀ ਈਨਾਖੇੜਾ ਅਤੇ ਨਵਜਿੰਦਰ ਮਾਨ ਵੀ ਹਾਜ਼ਰ ਸਨ।

# ਪੰਕਜ ਅਤੇ ਪ੍ਰੀਤੀ ਡਾਂਸ ਅਕੈਡਮੀ ਵੱਲੋਂ ਸੁਪਰ ਡਾਂਸ 32 ਅਤੇ ਲਿਟਲ ਚੈਂਪ 25 ਦਾ ਆਯੋਜਨ

ਅੰਮ੍ਰਿਤਸਰ
ਸਵਿੰਦਰ ਸਿੰਘ

ਪੰਕਜ ਅਤੇ ਪ੍ਰੀਤੀ ਡਾਂਸ ਅਕੈਡਮੀ ਦੁਆਰਾ 3 ਅਗਸਤ ਨੂੰ ਅੰਮ੍ਰਿਤਸਰ ਦੀ ਆਰਟ ਗੈਲਰੀ ਵਿੱਚ ਸੁਪਰ ਡਾਂਸ 32 ਤੇ ਲਿਟਲ ਚੈਂਪ 25 ਦਾ ਆਯੋਜਨ ਕੀਤਾ ਗਿਆ ! ਇਸ ਮੁਕਾਬਲੇ ਵਿੱਚ 90 ਬੱਚਿਆਂ ਨੇ ਹਿੱਸਾ ਲਿਆ, ਜਿਨ੍ਹਾਂ ਨੂੰ ਉਨ੍ਹਾਂ ਦੀ ਉਮਰ ਦੇ ਅਨੁਸਾਰ ਵੱਖ-ਵੱਖ ਸਮੂਹਾਂ ਵਿੱਚ ਵੰਡਿਆ ਗਿਆ । ਲਿਟਲ ਚੈਂਪ ਅਤੇ ਸੁਪਰ ਡਾਂਸਰ ਵਰਗਾਂ ਵਿੱਚ ਹੋਏ ਇਸ ਮੁਕਾਬਲੇ ਵਿੱਚ, ਪੂਰਵਾ ਅਤੇ ਨਵਿਆ ਨੇ ਸੁਪਰ ਡਾਂਸਰ ਟਰਾਫੀ ਜਿੱਤੀ, ਜਦੋਂ ਕਿ ਕੀਰਤੀ ਨੇ ਲਿਟਲ ਚੈਂਪ 25 ਟਰਾਫੀ ਜਿੱਤੀ ਅਤੇ ਆਉਣ ਵਾਲੇ ਲਿਟਲ ਚੈਂਪ ਦਾ ਖਿਤਾਬ ਵੇਰੋਨਿਕਾ ਨੇ ਜਿੱਤਿਆ ਅਤੇ ਪੰਕਜ ਔਰ ਪ੍ਰੀਤੀ ਦੀ ਸਟਾਰ ਅਵਿਕਾ ਸੀ। ਮੁਕਾਬਲੇ ਤੋਂ ਬਾਅਦ ਸਮੂਹ ਡਾਂਸ ਹੋਏ ਜਿਨ੍ਹਾਂ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਪ੍ਰੋਗਰਾਮ ਦੀ ਸ਼ੁਰੂਆਤ ਪੰਕਜ ਅਤੇ ਪ੍ਰੀਤੀ ਨੇ ਦਰਸ਼ਕਾਂ ਦਾ ਸਵਾਗਤ ਕਰਦਿਆਂ ਕੀਤੀ ਇਸ ਪ੍ਰੋਗਰਾਮ ਦੇ ਵਿੱਚ ਮੁੱਖ ਮਹਿਮਾਨਾਂ ਵਿੱਚ ਕੁੰਵਰ ਵਿਜੇ ਪ੍ਰਤਾਪ ਸਿੰਘ ਵਿਧਾਇਕ, ਸ੍ਰੀ ਜੁਗਲ ਕਿਸ਼ੋਰ ਸ਼ਰਮਾ ਸਾਬਕਾ ਵਿਧਾਇਕ, ਸ੍ਰੀ ਪ੍ਰਮੋਦ ਭਾਟੀਆ (ਚੇਅਰਮੈਨ ਸਪੋਰਟਸ ਸੈੱਲ ਪੰਜਾਬ) ਸ਼ਾਮਲ ਸਨ ਅਤੇ ਡਾ. ਮੰਗਲ ਸਿੰਘ ਕਿਸ਼ਨਪੁਰੀ (ਚੇਅਰਮੈਨ ਸੇਂਟ ਸੋਲਜਰ ਗਰੁੱਪ ਆਫ਼ ਸਕੂਲਜ਼) ਦੇ ਨਾਲ ਅਮਨ ਸ਼ਰਮਾ, ਨਿਸ਼ਚਲ ਰਾਜੂ ਭਾਟੀਆ, ਰਵੀ ਕੁਮਾਰ ਵਿਸ਼ੇਸ਼ ਤੋਰ ਤੇ ਪੁੱਜੇ। ਜੱਜਾਂ ਦੀ ਭੂਮਿਕਾ ਮੋਨਾ ਸਿੰਘ (ਚੇਅਰਪਰਸਨ ਫਿਕੀ ਫਲੋ ਅੰਮ੍ਰਿਤਸਰ) ਤੇ ਟੀਵੀ ਅਤੇ ਫਿਲਮ ਅਦਾਕਾਰ ਅਭਿਨਾਸ਼ ਵੋਹਰਾ ਨੇ ਨਿਭਾਈ। ਅੰਤ ਵਿੱਚ, ਪ੍ਰੀਤੀ ਸਿੰਘ ਨੇ ਬੱਚਿਆਂ ਨਾਲ ਇੱਕ ਸਮੂਹਿਕ ਡਾਂਸ ਪੇਸ਼ ਕੀਤਾ ਅਤੇ ਦਰਸ਼ਕਾਂ ਦੀ ਤਾੜੀਆਂ ਜਿੱਤੀਆਂ। ਕਾਮੇਡੀਅਨ ਕਪਿਲ ਸ਼ਰਮਾ ਦੀ ਮਾਂ ਜਨਕ ਰਾਣੀ ਸ਼ਰਮਾ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਤੇ ਕੁੰਵਰ ਵਿਜੇ ਪ੍ਰਤਾਪ ਨੇ ਕਿਹਾ ਕਿ ਮੈਂ ਪੰਕਜ ਪ੍ਰੀਤੀ ਡਾਂਸ ਅਕੈਡਮੀ ਦਾ ਕੋਈ ਵੀ ਸ਼ੋਅ ਕਦੇ ਨਹੀਂ ਛੱਡਦਾ ਕਿਉਂਕਿ ਬੱਚਿਆਂ ਦੀ ਇੰਨੀ ਵਧੀਆ ਪ੍ਰਤਿਭਾ ਹੋਰ ਕਿਤੇ ਨਹੀਂ ਦੇਖਣ ਨੂੰ ਮਿਲਦੀ। ਜੁਗਲ ਕਿਸ਼ੋਰ ਨੇ ਕਿਹਾ ਕਿ ਪੂਰਾ ਅੰਮ੍ਰਿਤਸਰ ਹਮੇਸ਼ਾ ਪੰਕਜ ਪ੍ਰੀਤੀ ਨਾਲ ਉਸਦੀ ਪ੍ਰਤਿਭਾ ਕਾਰਨ ਜੁੜਿਆ ਰਹਿੰਦਾ ਹੈ। ਚੇਅਰਮੈਨ ਸਪੋਰਟਸ ਸੈੱਲ ਪੰਜਾਬ ਪ੍ਰਮੋਦ ਭਾਟੀਆ ਨੇ ਕਿਹਾ ਕਿ ਅੱਜਕੱਲ੍ਹ ਬੱਚਿਆਂ 'ਤੇ ਪੜ੍ਹਾਈ ਦਾ ਬਹੁਤ ਦਬਾਅ ਹੁੰਦਾ ਹੈ ਜਾਂ ਉਹ ਸੋਸ਼ਲ ਮੀਡੀਆ 'ਤੇ ਜਿੰਨਾ ਸਮਾਂ ਬਿਤਾਉਂਦੇ ਹਨ, ਉਸ ਤੋਂ ਬਿਹਤਰ ਹੈ ਕਿ ਅਜਿਹੇ ਪਲੇਟਫਾਰਮ 'ਤੇ ਡਾਂਸ ਸਿੱਖੋ ਅਤੇ ਆਪਣੇ ਹੁਨਰ ਨੂੰ ਨਿਖਾਰੋ, ਜੋ ਕਿ ਪੰਕਜ ਅਤੇ ਪ੍ਰੀਤੀ ਹਮੇਸ਼ਾ ਬਹੁਤ ਵਧੀਆ ਢੰਗ ਨਾਲ ਕਰਦੇ ਰਹੇ ਹਨ।

ਕਾਮੇਡੀਅਨ ਕਪਿਲ ਸ਼ਰਮਾ ਦੀ ਮਾਤਾ ਨੇ ਕਿਹਾ ਕਿ ਜਿਵੇਂ ਮੇਰੇ ਪੁੱਤਰ ਕਪਿਲ ਨੇ ਇੰਨੀ ਤਰੱਕੀ ਕੀਤੀ ਹੈ, ਇਹ ਮੇਰਾ ਆਸ਼ੀਰਵਾਦ ਹੈ ਕਿ ਹਰ ਬੱਚਾ ਵੀ ਇਸੇ ਤਰ੍ਹਾਂ ਤਰੱਕੀ ਕਰੇ। ਅੰਤ ਵਿੱਚ, ਸਾਰੇ ਬੱਚਿਆਂ ਨੂੰ ਟਰਾਫੀਆਂ ਅਤੇ ਤੋਹਫ਼ਿਆਂ ਨਾਲ ਸਨਮਾਨਿਤ ਕੀਤਾ ਗਿਆ।




# ਅਮਰੀਕੀ ਵਿਦੇਸ਼ ਵਿਭਾਗ ਵੱਲੋਂ ਇੱਕ ਪਾਇਲਟ ਪ੍ਰੋਗਰਾਮ ਦਾ ਐਲਾਨ

## ਕਈ ਦੇਸ਼ਾਂ ਦੇ ਸੈਲਾਨੀਆਂ ਨੂੰ ਵੀਜ਼ੇ ਲਈ ਭਰਨਾ ਪਵੇਗਾ ਬਾਂਡ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਵਿਦੇਸ਼ ਵਿਭਾਗ ਨੇ ਹਾਲ ਹੀ ਵਿੱਚ ਇੱਕ ਪਾਇਲਟ ਪ੍ਰੋਗਰਾਮ ਦਾ ਐਲਾਨ ਕੀਤਾ ਹੈ ਜਿਸ ਵਿੱਚ ਕੁਝ ਬੀ-1/ਬੀ-2 ਵੀਜ਼ਾ ਬਿਨੈਕਾਰਾਂ ਨੂੰ ਆਪਣਾ ਵੀਜ਼ਾ ਪ੍ਰਾਪਤ ਕਰਨ ਦੀ ਸ਼ਰਤ ਵਜੋਂ $15,000 ਤੱਕ ਦਾ ਬਾਂਡ ਪੋਸਟ ਕਰਨ ਦੀ ਲੋੜ ਹੋਵੇਗੀ। ਇਹ ਪ੍ਰੋਗਰਾਮ ਉਨ੍ਹਾਂ ਦੇਸ਼ਾਂ ਨੂੰ ਨਿਸ਼ਾਨਾ ਬਣਾਉਂਦਾ ਹੈ ਜਿਨਾਂ ਦੀਆਂ ਵੀਜ਼ਾ ਓਵਰਸਟੇਅ ਦਰਾਂ ਉੱਚੀਆਂ ਹਨ ਜਾਂ ਜਿੱਥੇ ਸਕ੍ਰੀਨਿੰਗ ਅਤੇ ਜਾਂਚ ਜਾਣਕਾਰੀ ਨੂੰ ਘਾਟ ਮੰਨਿਆ ਜਾਂਦਾ ਹੈ। ਹਾਲ ਹੀ ਦੇ ਅੰਕੜਿਆਂ ਅਤੇ ਬਿਆਨਾਂ ਦੇ ਆਧਾਰ 'ਤੇ, ਦੇਸ਼ਾਂ ਦੀ ਇੱਕ ਨਿਸ਼ਚਿਤ ਸੂਚੀ ਅਜੇ ਤੱਕ ਰਸਮੀ ਤੌਰ 'ਤੇ ਜਾਰੀ ਨਹੀਂ ਕੀਤੀ ਗਈ ਹੈ, ਇਸ ਪਾਇਲਟ ਪ੍ਰੋਗਰਾਮ ਵਿੱਚ ਅਫਰੀਕਾ ਦੇ ਦੇਸ਼ਾਂ ਵਿੱਚ ਅੰਗੋਲਾ, ਬੁਰੂੰਡੀ, ਕਾਬੋ ਵਰਡੇ, ਚਾਡ, ਜਿਬੂਤੀ, ਏਰੀਟਰੀਆ, ਲਾਇਬੇਰੀਆ, ਮੌਰੀਤਾਨੀਆ, ਨਾਈਜੀਰੀਆ, ਸੀਅਰਾ ਲਿਓਨ, ਟੋਗੋ ਅਤੇ ਹੋਰਨਾਂ ਦੇਸ਼ਾਂ ਵਿੱਚ ਅਫਗਾਨਿਸਤਾਨ, ਹੈਤੀ, ਲਾਓਸ, ਮਿਆਂਮਾਰ ਅਤੇ ਯਮਨ ਆਦਿ ਸ਼ਾਮਲ ਹਨ।

ਵਰਣਨਯੋਗ ਹੈ ਕਿ ਪ੍ਰਭਾਵਿਤ ਦੇਸ਼ਾਂ ਦੀ ਅਧਿਕਾਰਤ ਸੂਚੀ ਪ੍ਰੋਗਰਾਮ ਦੇ ਲਾਗੂ ਹੋਣ ਤੋਂ ਪਹਿਲਾਂ ਪ੍ਰਕਾਸ਼ਿਤ ਕੀਤੀ ਜਾਵੇਗੀ।

ਵਿਦੇਸ਼ ਵਿਭਾਗ ਦੇ ਅਨੁਸਾਰ, ਸੂਚੀ ਨੂੰ ਰੋਲਿੰਗ ਆਧਾਰ 'ਤੇ ਸੋਧਿਆ ਜਾ ਸਕਦਾ ਹੈ। ਵੀਜ਼ਾ ਛੋਟ ਪ੍ਰੋਗਰਾਮ ਵਿੱਚ ਦੇਸ਼ਾਂ ਦੇ ਨਾਗਰਿਕਾਂ 'ਤੇ ਬਾਂਡ ਦੀ ਲੋੜ ਲਾਗੂ ਨਹੀਂ ਹੋਵੇਗੀ। ਕੌਂਸਲਰ ਅਧਿਕਾਰੀ ਵਿਅਕਤੀਗਤ ਹਾਲਾਤਾਂ ਦੇ ਆਧਾਰ 'ਤੇ ਕੇਸ-ਦਰ-ਕੇਸ ਦੇ ਆਧਾਰ 'ਤੇ ਬਾਂਡ ਦੀ ਜ਼ਰੂਰਤ ਨੂੰ ਛੋਟ ਦੇ ਸਕਦੇ ਹਨ।

ਇਹ ਪਾਇਲਟ ਪ੍ਰੋਗਰਾਮ ਅਮਰੀਕੀ ਵੀਜ਼ਾ ਨੀਤੀ ਵਿੱਚ ਇੱਕ ਮਹੱਤਵਪੂਰਨ ਤਬਦੀਲੀ ਹੈ ਅਤੇ ਪ੍ਰਭਾਵਿਤ ਦੇਸ਼ਾਂ ਦੇ ਬਹੁਤ ਸਾਰੇ ਸੰਭਾਵੀ ਸੈਲਾਨੀਆਂ ਨੂੰ ਪ੍ਰਭਾਵਿਤ ਕਰ ਸਕਦਾ ਹੈ।


KIRAT TAKHAR
NEETU HUNDAL
NAVI GILL
SITAL GURAYA
JAGDEEP DHILLON
I PW
INTERNATIONAL ASSOCIATION of PUNJABI WOMEN
Teeyan DA MELA
27TH ANNUAL
ONE N ONE ONLY
YUBA CITY
Since 1999
KARKE FLY AAWAN with JASMEEN AKHTAR
KAALI ACTIVA with RUPINDER HANDA
Mela Melna Da
AUGUST 31ST 2025
YUBA SUTTER FAIR GROUNDS
442 FRANKLIN AVEYUBA CITY, CA 95991
FOR PARTICIPATION, BOOTH BOOKINGS N SPONSORSHIP, PLEASE CONTACT
PARM TAKHAR
CALL (530) 845-4800
PARM TAKHAR (HOST)
JOT RANJIT KAUR (HOST)
PINNU BRAR
LOVELEEN SAMRA
SUKHY JHUTTY
HARDEEP BINNING
JASWANT DHILLON
MANINDER MAAN
MANDEEP KAUR
BAL SINDAL
HARNOOR KAUR
MADHUPREET KAUR
SHIVPREET BIHALA
SUKHNANDAN K LALLY


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

In loving memory of



# Surinder Kaur Bainiwal

November 1, 1937 - July 31, 2025

PLEASE JOIN US FOR THE MEMORIAL SERVICE:

**SATURDAY, AUGUST 9, 2025**

10:30 AM - 12:00 PM

**Spangler Mortuary**

174 N Sunnyvale Avenue, Sunnyvale, CA

(Additional Parking at Murphy Park)

**SEHAJ PATH BHOG**

**Gurdwara Sahib San Jose**

1:00 PM - 3:00 PM

# ਸਾਂਝੇ ਮਜ਼ਦੂਰ ਮੋਰਚੇ ਦੀ ਅਗਵਾਈ ਹੇਠ ਮਜ਼ਦੂਰਾਂ ਨੇ ਦਿੱਤੇ ਵੱਖ-ਵੱਖ ਮੰਤਰੀਆਂ ਦੇ ਘਰਾਂ ਅੱਗੇ ਧਰਨੇ

ਪਟਿਆਲਾ
ਸਾਂਝੀ ਸੋਚ ਬਿਊਰੋ

ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮਜ਼ਦੂਰ ਮੋਰਚੇ ਦੇ ਸੱਦੇ ਤੇ ਅੱਜ ਹਜ਼ਾਰਾਂ ਮਜ਼ਦੂਰ ਮਰਦ ਔਰਤਾਂ ਵੱਲੋਂ ਪੱਕੇ ਰੁਜ਼ਗਾਰ ਦੀ ਗਰੰਟੀ, ਚੋਣ ਵਾਅਦਿਆਂ ਅਨੁਸਾਰ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਪੈਨਸ਼ਨਾਂ ਦੀ ਰਾਸ਼ੀ ਚ ਵਾਧਾ ਕਰਨ, ਪੰਚਾਇਤੀ ਜ਼ਮੀਨ ਦਾ ਤੀਜਾ ਹਿੱਸਾ ਜ਼ਮੀਨ ਮਜ਼ਦੂਰਾਂ ਨੂੰ ਸਸਤੇ ਭਾਅ ਠੇਕੇ 'ਤੇ ਦੇਣ, ਲੈਂਡ ਪੂਲਿੰਗ ਪਾਲਿਸੀ ਰੱਦ ਕਰਨ,ਬੇਘਰਿਆਂ ਤੇ ਲੋੜਵੰਦਾਂ ਨੂੰ ਪਲਾਟ ਦੇਣ,ਜ਼ਮੀਨੀ ਹੱਦਬੰਦੀ ਕਾਨੂੰਨ ਤੋਂ ਵਾਧੂ ਨਿਕਲਦੀਆਂ ਜ਼ਮੀਨਾਂ ਦੀ ਵੰਡ ਬੇਜ਼ਮੀਨੇ ਮਜ਼ਦੂਰਾਂ ਕਿਸਾਨਾਂ ਚ ਕਰਾਉਣ, ਕਰਜ਼ਾ ਮੁਆਫ਼ੀ ਤੇ ਜਥੇਬੰਦ ਹੋ ਕੇ ਸੰਘਰਸ਼ ਕਰਨ ਦੇ ਹੱਕ ਦੀ ਬਹਾਲੀ ਵਰਗੀਆਂ ਮੰਗਾਂ ਨੂੰ ਲੈ ਕੇ ਕੈਬਨਿਟ ਮੰਤਰੀਆਂ ਦੇ ਘਰਾਂ ਅੱਗੇ ਰੋਹ ਭਰਪੂਰ ਧਰਨੇ ਦਿੱਤੇ ਗਏ। ਸਾਂਝੇ ਮੋਰਚੇ ਵੱਲੋਂ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਮਜ਼ਦੂਰ ਆਗੂ ਲਛਮਣ ਸਿੰਘ ਸੇਵੇਵਾਲਾ ਨੇ ਦੱਸਿਆ ਕਿ ਇਹ ਧਰਨੇ ਕੈਬਨਿਟ ਮੰਤਰੀ ਅਮਨ ਅਰੋੜਾ( ਸੁਨਾਮ), ਡਾਕਟਰ ਬਲਜੀਤ ਕੌਰ ( ਮਲੋਟ), ਹਰਭਜਨ ਸਿੰਘ ਈ ਟੀ ਓ (ਜੰਡਿਆਲਾ ਗੁਰੂ) , ਮਹਿੰਦਰ ਭਗਤ (ਜਲੰਧਰ) ਤੇ ਸਪੀਕਰ ਕੁਲਤਾਰ ਸਿੰਘ ਸੰਧਵਾਂ (ਸੰਧਵਾਂ) ਦੇ ਘਰਾਂ ਅੱਗੇ ਦਿੱਤੇ ਗਏ। ਇਹਨਾਂ



ਧਰਨਿਆਂ ਨੂੰ ਮਜ਼ਦੂਰ ਆਗੂ ਦੇਵੀ ਕੁਮਾਰੀ ਸਰਹਾਲੀ ਕਲਾਂ, ਦਰਸ਼ਨ ਨਾਹਰ, ਤਰਸੇਮ ਪੀਟਰ,ਜੋਰਾ ਸਿੰਘ ਨਸਰਾਲੀ, ਗੁਰਮੇਸ਼ ਸਿੰਘ, ਕੁਲਵੰਤ ਸਿੰਘ ਸੇਲਵਰਾ, ਗੋਬਿੰਦ ਸਿੰਘ ਛਾਜਲੀ, ਤੇ ਮੁਕੇਸ਼ ਮਲੌਦ ਨੇ ਸੰਬੋਧਨ ਕੀਤਾ।ਮਜ਼ਦੂਰ ਆਗੂਆਂ ਨੇ ਦੋਸ਼ ਲਾਇਆ ਕਿ ਭਗਵੰਤ ਮਾਨ ਸਰਕਾਰ ਮਜ਼ਦੂਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਲਾਗੂ ਕਰਨ ਦੀ ਥਾਂ ਲਗਾਤਾਰ ਮਜ਼ਦੂਰ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ।ਉਹਨਾਂ ਦੋਸ਼ ਲਾਇਆ ਕਿ ਜਿੱਥੇ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਕਿਰਤ ਕੋਡ ਬਣਾ ਕੇ ਕਿਰਤੀਆਂ ਦੇ ਹੱਕਾਂ 'ਤੇ ਡਾਕਾ ਮਾਰਿਆ ਗਿਆ ਉਥੇ ਭਗਵੰਤ ਮਾਨ ਸਰਕਾਰ ਵੱਲੋਂ ਵੀ ਮਜ਼ਦੂਰਾਂ ਦੀ ਕੰਮ ਦਿਹਾੜੀ ਦੇ ਘੰਟੇ ਵਧਾਕੇ ਮਜ਼ਦੂਰਾਂ ਨਾਲ਼ ਧ੍ਰੋਹ ਕਮਾਇਆ ਗਿਆ।

ਉਹਨਾਂ ਦੋਸ਼ ਲਾਇਆ ਕਿ ਆਪ ਸਰਕਾਰ ਸੰਘਰਸ਼ਸ਼ੀਲ ਮਜ਼ਦੂਰਾਂ ਕਿਸਾਨਾਂ 'ਤੇ ਪੁਲਿਸ ਜਬਰ ਤੇਜ਼ ਕਰਨ ਰਾਹੀਂ ਲੋਕਾਂ ਦੇ ਜਮਹੂਰੀ ਹੱਕਾਂ ਦਾ ਘਾਣ ਕਰ ਰਹੀ ਹੈ। ਮਜ਼ਦੂਰ ਆਗੂਆਂ ਨੇ ਆਖਿਆ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਲਾਗੂ ਕੀਤੀ ਜਾ ਰਹੀ ਲੈਂਡ ਪੂਲਿੰਗ ਪਾਲਿਸੀ ਪੰਜਾਬ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਪਾਲਿਸੀ ਨਾਂ ਸਿਰਫ ਪੰਜਾਬ ਦੀਆਂ ਉਪਜਾਊ ਜ਼ਮੀਨਾਂ ਕਾਰਪੋਰੇਟ ਘਰਾਣਿਆਂ ਵੱਲੋਂ ਹੜੱਪੇ ਜਾਣ ਅਤੇ ਕਿਸਾਨਾਂ ਦੇ ਉਜਾੜੇ ਦਾ ਸਾਧਨ ਬਣੇਗੀ ਸਗੋਂ ਇਹ ਪਹਿਲਾਂ ਹੀ ਰੁਜ਼ਗਾਰ ਦੀ ਭਾਰੀ ਤੋਟ ਹੰਢਾਉਂਦੇ ਅਤੇ ਕਰਜ਼ੇ ਤੇ ਖ਼ੁਦਕੁਸ਼ੀਆਂ ਦੇ ਭੰਨੇ ਪੇਂਡੂ ਤੇ ਖੇਤ ਮਜ਼ਦੂਰਾਂ ਲਈ ਵੀ ਤਬਾਹਕੁੰਨ ਸਾਬਤ ਹੋਵੇਗੀ ਇਸ ਲਈ ਲੈਂਡ ਪੂਲਿੰਗ ਪਾਲਿਸੀ ਨੂੰ ਤੁਰੰਤ ਰੱਦ ਕੀਤਾ ਜਾਵੇ। ਉਹਨਾਂ ਜੇਲੀਂ ਡੱਕੇ ਮਜ਼ਦੂਰ ਆਗੂਆਂ ਨੂੰ ਰਿਹਾਅ ਕਰਨ ਦੀ ਮੰਗ ਵੀ ਕੀਤੀ।ਅੱਜ ਦੇ ਧਰਨਿਆਂ ਨੂੰ ਮਜ਼ਦੂਰ ਆਗੂ ਗੁਰਵਿੰਦਰ ਸਿੰਘ ਬੌੜਾਂ ਲਖਵੀਰ ਸਿੰਘ ਲੌਂਗੋਵਾਲ, ਹਰਮੇਸ਼ ਮਾਲੜੀ, ਭੂਪ ਚੰਦ ਚੰਨੋ, ਗੁਰਨਾਮ ਸਿੰਘ ਦਾਊਦ, ਕਸ਼ਮੀਰ ਸਿੰਘ ਘੁੱਗਸ਼ੋਰ , ਪ੍ਰੀਤਮ ਸਿੰਘ ਨਿਆਮਤਪੁਰ ਤੇ ਗੁਰਪ੍ਰੀਤ ਸਿੰਘ ਰੂੜੇਕੇ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

# 23 ਜ਼ਿਲ੍ਹਿਆਂ 'ਚ ਹੋਣਗੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਵੱਡੇ ਸਮਾਗਮ- ਹਰਭਜਨ ਸਿੰਘ ਈ.ਟੀ.ਓ

ਪਟਿਆਲਾ
ਸਾਂਝੀ ਸੋਚ ਬਿਊਰੋ

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਤੇ ਹਿੰਦ ਦੀ ਚਾਦਰ ਸ੍ਰੀ ਗੁਰੂ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਯਾਦਗਾਰੀ ਸਮਾਗਮ ਕਰਕੇ ਮਨਾਉਣ ਦੇ ਲਏ ਅਹਿਮ ਫੈਸਲੇ ਤਹਿਤ ਵਿਊਂਤੇ ਵੱਖ-ਵੱਖ ਧਾਰਮਿਕ ਸਮਾਗਮਾਂ ਸਬੰਧੀ ਕੈਬਨਿਟ ਮੰਤਰੀਆਂ ਦੇ ਗਰੁੱਪ ਦੇ ਮੈਂਬਰ ਮੰਤਰੀ ਹਰਭਜਨ ਸਿੰਘ ਈਟੀਓ ਤੇ ਤਰੁਣਪ੍ਰੀਤ ਸਿੰਘ ਸੌਂਦ ਨੇ ਜ਼ਿਲ੍ਹੇ ਦੇ ਵਿਧਾਇਕਾਂ, ਅਧਿਕਾਰੀਆਂ, ਕੌਂਸਲਰਾਂ, ਵਪਾਕਰ ਪ੍ਰਤੀਨਿਧੀਆਂ ਅਤੇ ਹੋਰ ਪਤਵੰਤਿਆਂ ਨਾਲ ਅਹਿਮ ਬੈਠਕ ਕੀਤੀ।ਇਸ ਮੌਕੇ ਉਨ੍ਹਾਂ ਨੇ ਜ਼ਿਲ੍ਹਾ ਪ੍ਰਸਾਸ਼ਨ ਨੂੰ ਸਮੁੱਚੇ ਪ੍ਰੋਗਰਾਮ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸੰਗਤ ਦੀ ਸਹੂਲਤ ਲਈ ਕੀਤੇ ਜਾਣ ਵਾਲੇ ਪ੍ਰਬੰਧਾਂ ਬਾਰੇ ਹਦਾਇਤਾਂ ਜਾਰੀ ਕੀਤੀਆਂ।ਮੀਟਿੰਗ ਬਾਅਦ ਕੈਬਨਿਟ ਮੰਤਰੀ ਸ੍ਰੀ ਗੁਰੂ ਤੇਗ ਬਹਾਦਰਾ ਸਾਹਿਬ ਦੇ ਪਵਿੱਤਰ ਅਸਥਾਨ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਤੇ ਗੁਰਦੁਆਰਾ ਸ੍ਰੀ ਮੋਤੀਬਾਗ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਸਮਾਗਮਾਂ ਦੀ ਸਫ਼ਲਤਾ ਲਈ ਅਰਦਾਸ ਕੀਤੀ ਅਤੇ ਸਮੂਹ ਸੰਗਤ ਨੂੰ ਇਨ੍ਹਾਂ ਸਮਾਗਮਾਂ ਵਿੱਚ ਹੁੰਮ-ਹੁਮਾ ਕੇ ਸ਼ਮੂਲੀਅਤ ਕਰਨ ਦੀ ਬੇਨਤੀ ਵੀ ਕੀਤੀ।ਇਸ ਦੌਰਾਨ ਦੋਵੇਂ ਕੈਬਨਿਟ ਮੰਤਰੀਆਂ ਨੇ ਦੱਸਿਆ ਕਿ ਪੰਜਾਬ 'ਚ 135 ਅਸਥਾਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਚਰਨ ਛੋਹ ਪ੍ਰਾਪਤ ਹਨ, ਜਿਨ੍ਹਾਂ 'ਚੋਂ ਸਭ ਤੋਂ ਵਧੇਰੇ 35 ਅਸਥਾਨ ਪਟਿਆਲਾ ਜ਼ਿਲ੍ਹੇ ਅੰਦਰ ਸਥਿਤ ਹਨ, ਜਿਨ੍ਹਾਂ ਦੇ ਚਹੁੰਪੱਖੀ ਵਿਕਾਸ ਲਈ 70 ਕਰੋੜ ਰੁਪਏ ਦੇ ਪ੍ਰਾਜੈਕਟ ਉਲੀਕੇ ਗਏ ਹਨ। ਉਨ੍ਹਾਂ ਦੇ ਨਾਲ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਨੀਨਾ ਮਿੱਤਲ, ਹਰਮੀਤ ਸਿੰਘ ਪਠਾਣਮਾਜਰਾ ਤੇ ਗੁਰਲਾਲ ਘਨੌਰ ਸਮੇਤ ਸੈਰ ਸਪਾਟਾ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ, ਸੈਰ ਸਪਾਟਾ ਵਿਭਾਗ ਦੇ ਸਕੱਤਰ ਅਭਿਨਵ ਤ੍ਰਿਖਾ, ਪੀ.ਆਰ.ਟੀ.ਸੀ. ਚੇਅਰਮੈਨ ਰਣਜੋਧ ਸਿੰਘ ਹਡਾਣਾ, ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਜਸਬੀਰ ਸਿੰਘ ਜੱਸੀ ਸੋਹੀਆਂ ਵਾਲਾ ਤੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੀ ਮੌਜੂਦ ਸਨ।

ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਤੇ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਗੁਰੂ ਤੇਗ ਬਹਾਦਰ ਸਾਹਿਬ ਦੀ ਕੁਰਬਾਨੀ ਵਰਗੀ ਮਿਸਾਲ ਦੁਨੀਆਂ ਵਿੱਚ ਹੋਰ ਕਿਧਰੇ ਨਹੀ ਮਿਲਦੀ, ਜਿਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਮੂਹ ਸੰਗਤ ਦੇ ਸਹਿਯੋਗ ਨਾਲ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਨੂੰ ਦੁਨੀਆਂ ਦੇ ਕੋਨੇ-ਕੋਨੇ ਤੱਕ ਪਹੁੰਚਾਉਣ ਲਈ ਵੱਡੇ ਪ੍ਰੋਗਰਾਮ ਉਲੀਕ ਰਹੀ ਹੈ।



ਉਨ੍ਹਾਂ ਦੱਸਿਆ ਕਿ ਇਹ ਦਿਹਾੜਾ 19 ਨਵੰਬਰ ਤੋਂ 25 ਨਵੰਬਰ ਤੱਕ 6 ਦਿਨ ਰਾਜ ਪੱਧਰੀ ਸਮਾਗਮ ਕਰਵਾ ਕੇ ਰਾਜ ਸਰਕਾਰ ਵੱਲੋਂ ਇੱਕ ਨਿਮਾਣੇ ਸੇਵਕ ਵਜੋਂ ਪੂਰੀ ਸ਼ਰਧਾ ਭਾਵਨਾ ਤੇ ਗੁਰਮਤਿ ਮਰਿਯਾਦਾ ਮੁਤਾਬਕ ਮਨਾਇਆ ਜਾਵੇਗਾ। ਇਸ ਲਈ ਸਮੁੱਚੇ ਅਧਿਕਾਰੀ ਆਪਣੀ ਜਿੰਮੇਵਾਰੀ ਪੂਰੀ ਤਨਦੇਹੀ ਨਾਲ ਇੱਕ ਸ਼ਰਧਾਲੂ ਦੀ ਤਰ੍ਹਾਂ ਨਿਭਾਉਣ ਕਿਉਂਕਿ ਸਾਡੇ ਲਈ ਇਹ ਬਹੁਤ ਭਾਗਾਂ ਵਾਲਾ ਸੁਨਹਿਰੀ ਮੌਕਾ ਹੈ ਜਦੋਂ ਅਸੀਂ 350 ਸਾਲਾ ਸ਼ਤਾਬਦੀ ਸਮਾਗਮ ਮਨਾ ਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬੇਮਿਸਾਲ ਸ਼ਹਾਦਤ ਤੇ ਧਾਰਮਿਕ ਵਿਰਾਸਤ ਨੂੰ ਸਨਮਾਨ ਦੇਣ ਜਾ ਰਹੇ ਹਾਂ।

ਇਸ ਮੌਕੇ ਸਲਾਹਕਾਰ ਦੀਪਕ ਬਾਲੀ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਪ੍ਰੋਗਰਾਮਾਂ ਦੌਰਾਨ ਇੱਕ ਸੇਵਾਦਾਰ ਵਜੋਂ ਕੰਮ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਦਾ ਦਿਹਾੜਾ ਸਾਡੇ ਲਈ ਸੇਵਾ ਤੇ ਸ਼ਰਧਾ ਦਾ ਮਹਾਂ-ਸੰਗਮ ਦਾ ਮੌਕਾ ਹੈ, ਇਸ ਲਈ ਆਉ ਸਾਰੇ ਰਲਕੇ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨਾਲ ਜੋੜਨ ਲਈ ਇਸ ਮੌਕੇ ਵਿਸ਼ੇਸ਼ ਇਕ ਪੁਲ ਦਾ ਕੰਮ ਕਰਕੇ ਆਪਣਾ ਯੋਗਦਾਨ ਪਾਈਏ।

ਦੀਪਕ ਬਾਲੀ ਨੇ ਦੱਸਿਆ ਕਿ ਇਤਿਹਾਸਕ ਹਵਾਲਿਆ ਮੁਤਾਬਕ ਪਟਿਆਲਾ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ 3 ਮਹੀਨਿਆਂ ਤੋਂ ਵਧੇਰੇ ਸਮਾਂ ਬਿਤਾਇਆ ਹੈ, ਇਸ ਲਈ ਪਟਿਆਲਾ ਇੱਕ ਗੁਰੂ ਸਾਹਿਬ ਤੋਂ ਵਰੋਸਾਇਆ ਸ਼ਹਿਰ ਹੈ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਦਿਹਾੜੇ ਨੂੰ ਇਕੱਲੇ ਸਿੱਖ ਹੀ ਨਹੀਂ ਬਲਕਿ ਹਰ ਪੰਜਾਬ ਵਾਸੀ ਤੇ ਕੁਲ ਦੁਨੀਆਂ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾ ਰਹੀ ਹੈ।ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੋਵਾਂ ਕੈਬਨਿਟ ਮੰਤਰੀਆਂ ਹਰਭਜਨ ਸਿੰਘ ਈ.ਟੀਓ. ਤੇ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਰਾਜ ਵਿੱਚਲੇ ਗੁਰੂ ਸਾਹਿਬ ਨਾਲ ਸਬੰਧਤ ਸਾਰੇ ਪਵਿੱਤਰ ਅਸਥਾਨਾਂ ਵਿਖੇ ਰਾਜ ਪੱਧਰੀ ਸਮਾਗਮ ਕਰਵਾਉਣ ਤੋਂ ਇਲਾਵਾ ਇਨ੍ਹਾਂ ਪਿੰਡਾਂ ਤੇ ਸ਼ਹਿਰਾਂ ਦਾ ਵਿਕਾਸ ਵੀ ਵੱਡੇ ਪੱਧਰ 'ਤੇ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਦੌਰਾਨ ਇਸ ਮੌਕੇ ਚਾਰ ਸਥਾਨਾਂ ਤੋਂ ਯਾਤਰਾਵਾਂ ਸ੍ਰੀ ਆਨੰਦਪੁਰ ਸਾਹਿਬ ਪੁੱਜਣਗੀਆਂ, ਜਿਨਾਂ ਵਿੱਚ ਗੁਰਦਾਸਪੁਰ ਤੋਂ ਮਾਝਾ, ਦੁਆਬਾ ਤੋਂ ਯਾਤਰਾ ਸਮੇਤ ਮਾਲਵਾ ਤੋਂ ਦੋ ਯਾਤਰਾਵਾਂ ਬਠਿੰਡਾ ਅਤੇ ਫਰੀਦਕੋਟ ਤੋਂ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੋਣਗੀਆਂ ਜੋ ਸੂਬੇ ਦੇ ਲਗਭਗ ਸਾਰੇ ਜਿਲ੍ਹਿਆਂ ਅਤੇ ਪ੍ਰਮੁੱਖ ਸ਼ਹਿਰਾਂ ਤੋਂ ਹੋ ਕੇ ਸ੍ਰੀ ਅਨੰਦਪੁਰ ਸਾਹਿਬ ਪਹੁੰਚਣਗੀਆਂ। ਜਦਕਿ 20 ਨਵੰਬਰ ਨੂੰ ਬਠਿੰਡਾ ਤੋਂ ਚੱਲਣ ਵਾਲੀ ਮਾਲਵਾ-2 ਯਾਤਰਾ ਰਾਤ ਨੂੰ ਪਟਿਆਲਾ ਵਿਖੇ ਪੁੱਜੇਗੀ ਤੇ ਵਿਸ਼ਰਾਮ ਕਰੇਗੀ।ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਧਾਰਮਿਕ ਸਮਾਗਮਾਂ ਬਾਰੇ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਵਿਰਾਸਤ ਏ ਖਾਲਸਾ ਵਿਖੇ 23 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ, ਜਿਸ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਦੇਸ਼ ਵਿਦੇਸ਼ ਤੋਂ ਪ੍ਰਮੁੱਖ ਹਸਤੀਆਂ, ਧਾਰਮਿਕ ਸਖਸ਼ੀਅਤਾਂ ਹਾਜ਼ਰੀ ਲਗਵਾਉਣਗੀਆਂ। ਇਸੇ ਦਿਨ ਵਿਰਾਸਤ ਏ ਖਾਲਸਾ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਸ਼ਾਨੀ ਸ਼ਹਾਦਤ ਨੂੰ ਦਰਸਾਉਦੀ ਡਿਜੀਟਲ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ ਜਾਵੇਗਾ। ਇਨਸਾਨੀਅਤ ਅਤੇ ਮਨੁੱਖੀ ਅਧਿਕਾਰਾਂ ਦੇ ਰਾਖੇ ਨੋਵੇ ਪਾਤਸ਼ਾਹ ਦੇ ਸ਼ਹੀਦੀ ਸਮਾਗਮਾਂ ਮੌਕੇ ਸਰਵ ਧਰਮ ਸੰਮੇਲਨ ਕਰਵਾਏ ਜਾਣਗੇ, ਜਿਸ ਵਿੱਚ ਸਿੱਖ ਇਤਿਹਾਸ ਬਾਰੇ ਜਾਣਕਾਰੀ ਰੱਖਣ ਵਾਲੇ ਬੁੱਧੀਜੀਵੀ ਵਿਚਾਰ ਚਰਚਾ ਕਰਨਗੇ।ਉਨ੍ਹਾਂ ਨੇ ਦੱਸਿਆ ਕਿ 24 ਨਵੰਬਰ ਨੂੰ ਇੱਕ ਵਿਧਾਨ ਸਭਾ ਦਾ ਵਿਸੇਸ਼ ਸੈਸ਼ਨ ਵੀ ਬੁਲਾਇਆ ਜਾਵੇਗਾ।ਕੈਬਿਨੇਟ ਮੰਤਰੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਨਿਹੰਗ ਸਿੰਘਾਂ ਵੱਲੋਂ ਮੁਹੱਲਾ ਖ਼ਾਲਸਾ ਪ੍ਰਦਰਸ਼ਨੀ ਕੀਤੀ ਜਾਵੇਗੀ। ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ ਨਾਲ ਸਬੰਧਿਤ ਕਵੀ ਦਰਬਾਰ, ਢਾਡੀ, ਕਵੀਸ਼ਰੀ ਪ੍ਰੋਗਰਾਮ ਆਯੋਜਿਤ ਹੋਣਗੇ। ਇਸੇ ਦਿਨ ਪੰਜ ਪਿਆਰਾ ਪਾਰਕ ਵਿਚ 'ਲਾਈਟ ਐਂਡ ਸਾਊਡ ਤੇ ਡਰੋਨ ਸ਼ੋਅ' ਰੋਸ਼ਨੀ ਅਤੇ ਅਵਾਜ ਦੇ ਪ੍ਰੋਗਰਾਮ ਕਰਵਾਏ ਜਾਣਗੇ। ਇਹ ਸ਼ੋ ਪੰਜਾਬ ਦੇ ਹਰੇਕ ਜਿਲ੍ਹੇ ਵਿੱਚ ਕਰਵਾਇਆ ਜਾਵੇਗਾ।ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ 25 ਨਵੰਬਰ ਨੂੰ ਸ਼ਾਮ 7 ਵਜੇ ਮਿਸ਼ਾਲ ਏ ਸ਼ਹਾਦਤ ਦੀ ਰੋਸ਼ਨੀ ਵਿੱਚ ਸੂਬੇ ਭਰ ਦੀਆਂ ਸਰਕਾਰੀ ਇਮਾਰਤਾਂ ਨੂੰ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਸਮਰਪਿਤ ਕਰਦੇ ਹੋਏ ਰੁਸ਼ਨਾਇਆ ਜਾਵੇਗਾ, ਇਸ ਦੇ ਲਈ ਸਮੁੱਚੀ ਸੰਗਤ ਨੂੰ ਵੀ ਬੇਨਤੀ ਕੀਤੀ ਜਾਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਆਉਣ ਵਾਲੀ ਸੰਗਤ ਦੀ ਰਹਿਣ ਲਈ ਟੈਂਟ ਸਿਟੀ ਅਤੇ ਵੱਖ ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਆਉਣ ਜਾਣ ਵਾਸਤੇ ਈ ਰਿਕਸ਼ਾ ਦੇ ਪ੍ਰਬੰਧ ਹੋਣਗੇ। ਕੈਬਨਿਟ ਮੰਤਰੀ ਨੇ ਦੱਸਿਆ ਕਿ 5 ਸਤੰਬਰ ਨੂੰ ਅਨੰਦਪੁਰ ਸਾਹਿਬ ਵਿਖੇ ਰੰਗਰੇਟੇ ਗੁਰੂ ਕੇ ਬੇਟੇ ਭਾਈ ਜੈਤਾ ਜੀ ਦੀ ਬਣ ਰਹੀ ਯਾਦਗਰ ਦਾ ਉਦਘਾਟਨ ਦੇ ਨਾਲ ਹੀ ਇਹ ਪ੍ਰੋਗਰਾਮ ਸ਼ੁਰੂ ਹੋ ਜਾਣਗੇ।

ਉਨ੍ਹਾਂ ਨੇ ਪੰਜਾਬ ਦੇ 23 ਜ਼ਿਲ੍ਹਿਆਂ ਵਿੱਚ ਸ਼੍ਰੀ ਗੁਰੂ ਸਾਹਿਬ ਦੀ ਜੀਵਨ ਉੱਤੇ ਅਧਾਰਿਤ ਲਾਈਟ ਐਂਡ ਸਾਊਂਡ (ਹਿੰਦ ਦੀ ਚਾਦਰ)/ ਕਵੀ ਦਰਬਾਰ ਕਰਵਾਏ ਜਾਣਗੇ। ਉੱਥੇ ਹੀ ਪੰਜਾਬ ਸਾਰੇ ਹੀ ਵਿਦਿਅਕ ਸੰਸਥਾਵਾਂ ਵਿੱਚ ਸ਼੍ਰੀ ਗੁਰੂ ਸਾਹਿਬ ਦੀ ਜ਼ਿੰਦਗੀ ਅਤੇ ਸ਼ਹਾਦਤ ਸਬੰਧੀ ਸੈਮੀਨਾਰ ਤੇ ਚਰਚਾ ਪ੍ਰੋਗਰਾਮ ਵੀ ਕਰਵਾਏ ਜਾਣਗੇ।

ਉਨ੍ਹਾਂ ਨੇ ਕਿਹਾ ਕਿ ਸਮਾਗਮ ਵਿਚ ਪਹੁੰਚਣ ਵਾਲੇ ਸ਼ਰਧਾਲੂਆਂ ਦੇ ਰਹਿਣ ਦਾ ਖਾਸ ਪ੍ਰਬੰਧ ਕੀਤਾ ਗਿਆ ਹੈ ਜਿਵੇਂ ਉਹਨਾਂ ਦੇ ਰਹਿਣ ਲਈ ਟੈਂਟ ਸਿਟੀ, ਸੜਕਾਂ ਦੀ ਮੁਰੰਮਤ, ਇਮਾਰਤਾਂ ਦਾ ਰੰਗ ਰੋਗਨ, ਲਾਈਟਨਿੰਗ ਆਦਿ ਦਾ ਖਾਸ ਪ੍ਰਬੰਧ ਕੀਤਾ ਗਿਆ ਹੈ। ਪੰਜਾਬ ਦੇ ਚਾਰ ਵੱਡੇ ਸ਼ਹਿਰਾਂ ਜਿਹਨਾਂ ਵਿੱਚ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ, ਬਾਬਾ ਬਕਾਲਾ ਅਤੇ ਪਟਿਆਲਾ ਨੂੰ ਲਾਈਟਨਿੰਗ ਨਾਲ ਪੂਰੀ ਤਰ੍ਹਾਂ ਸਜਾਇਆ ਜਾਵੇਗਾ।

ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹੇ ਗੁਰੂ ਸਾਹਿਬ ਦੀ ਪਵਿੱਤਰ ਚਰਨ ਛੋਹ ਅਸਥਾਨਾਂ ਦੇ ਵਿਕਾਸ ਲਈ ਬਣਾਈ ਤਜਵੀਜ ਸਮੇਤ ਕਰਵਾਏ ਜਾਣ ਵਾਲੇ ਪ੍ਰੋਗਰਾਮਾਂ ਦੀ ਰੂਪ ਰੇਖਾ ਕੈਬਨਿਟ ਮੰਤਰੀਆਂ ਨਾਲ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਅੱਜ ਦੀ ਮੀਟਿੰਗ ਦੌਰਾਨ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਤੇ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇਗੀ।ਇਸ ਮੌਕੇ ਏ.ਡੀ.ਸੀਜ, ਐਸ.ਪੀ. ਪਲਵਿੰਦਰ ਸਿੰਘ ਚੀਮਾ, ਜ਼ਿਲ੍ਹਾ ਪ੍ਰਧਾਨ ਚੇਅਰਮੈਨ ਮੇਘ ਚੰਦ ਸ਼ੇਰਮਾਜਰਾ ਤੇ ਤੇਜਿੰਦਰ ਮਹਿਤਾ, ਲੋਕ ਸਭਾ ਹਲਕਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ, ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ, ਮਾਰਕੀਟ ਕਮੇਟੀ ਚੇਅਰਮੈਨ ਭਾਦਸੋਂ ਗੁਰਦੀਪ ਸਿੰਘ, ਸ਼ਹਿਰ ਦੇ ਕੌਂਸਲਰ, ਵਪਾਰ ਮੰਡਲ ਤੇ ਦੁਕਾਨਦਾਰ ਐਸੋਸੀਏਸ਼ਨਾਂ ਦੇ ਨੁਮਾਇੰਦੇ, ਐਸ.ਡੀ.ਐਮਜ ਸਮੇਤ ਹੋਰ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਵੀ ਮੌਜੂਦ ਸਨ।

**ਰੱਬਾ ਇੰਨ੍ਹੇ ਜੋਗਾ ਕਰਦੇ ਕਿ ਲੋਕ ਕਹਿਣ ਇੰਨ੍ਹੇ ਜੋਗਾ ਕਿੱਥੇ ਸੀ...**


LIVE OAK PUNJABI HERITAGE ASSOCIATION
PROUDLY PRESENTS
TEEYAN LIVE OAK DIYAN
BIGGEST & BEST
BACK FOR THE
15TH YEAR
ENTRY
TICKET
1 RAFFLE TICKET
$20
AT THE GATE
KIDS UNDER
5YRS FREE
MEET WITH
PROF.BALWINDER
KAUR BRAR
GARRY Sandhu
LIVE IN CONCERT
Sat, August 23th 2025 @2:00pm
LIVE OAK HIGH SCHOOL
2201 PENNINGTON RD-LIVE OAK CA 95948
FOR MORE INFORMATION & SPONSORSHIP CONTACT
JASWINDER 530 301 9258 | JAY 530 218 9095
DESIGN BY SUNNY KAMBOZ

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 9**

ਗਾਵਨਿ ਤੁਧਨੋ ਪੰਡਿਤ ਪੜਨਿ ਰਖੀਸੁਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਨਿ ਤੁਧਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ ॥ {ਪੰਨਾ 9}

ਭਾਵ ਅਰਥ:-

ਹੇ ਦਾਤਾ ! ਰਿਖੀ ਮੁਨੀ, ਸਦੀਆਂ ਤੋਂ ਵੇਦ ਆਦਿ ਧਾਰਮਿਕ ਗ੍ਰੰਥਾਂ ਵਿੱਚ ਆਪਜੀ ਦੇ ਗੁਣਗਾਨ ਨੂੰ ਪੜਕੇ ,ਆਪ ਵੀ ਇਸ ਵਿੱਚ ਭਿੱਜੇ ਹੋਏ ਹਨ । ਸੁੰਦਰ ਇਸਤਰੀਆਂ ਵੀ ਆਪਦਾ ਹੀ ਗੁਣਗਾਣ ਕਰਦੀਆਂ ਹਨ,ਜੋ ਆਪਣੀ ਸੁੰਦਰਤਾ ਨਾਲ ਲੋਕਾਂ ਦਾ ਮਨ ਮੋਹੰਦੀਆਂ ਹਨ । ਇਸੇ ਤਰਾਂ ਬ੍ਰਹਮੰਡ,ਧਰਤੀ ਤੇ ਪਾਤਾਲ ਦੇ ਜੀਵ ਵੀ ਆਪ ਦਾ ਨਾਮ ਧਿਆਉਂਦੇ ਹਨ ।

- ਗਾਵਨਿ ਤੁਧਨੋ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥

ਗਾਵਨਿ ਤੁਧਨੋ ਜੋਧ ਮਹਾਬਲ ਸੂਰਾ ਗਾਵਨਿ ਤੁਧਨੋ ਖਾਣੀ ਚਾਰੇ ॥

ਗਾਵਨਿ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ {ਪੰਨਾ 9}

ਭਾਵ ਅਰਥ:-

ਹੇ ਦਾਤਾ ਤੇਰੇ ਪੈਦਾ ਕੀਤੇ ਹੋਏ ਰਤਨ ,ਅਠਾਹਠ ਤੀਰਥਾਂ ਸਮੇਤ ਤੈਨੂੰ ਹੀ ਗਾ ਰਹੇ ਹਨ। ਜੋਧੇ, ਸੂਰਮੇ , ਪਹਿਲਵਾਨ ਤੇ ਆਪ ਦੁਆਰਾ ਬਣਾਏ ਚਾਰੇ, ਜੀਵਾਂ ਦੀ ਪੈਦਾਇਸ਼ ਦੇ ਢੰਗ ਵੀ ਆਪਜੀ ਦਾ ਹੀ ਨਾਮ ਸਿਮਰਨ ਕਰ ਰਹੇ ਹਨ ।

ਸੇਈ ਤੁਧਨੋ ਗਾਵਨਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥

ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ ॥ {ਪੰਨਾ 9}

ਭਾਵ ਅਰਥ:-

ਉਹੀ ਤੇਰੇ ਭਗਤ ਬਣ ਸਕਦੇ ਹਨ ਜਿਨਾਂ ਉੱਤੇ ਤੇਰੀ ਮਿਹਰ ਹੁੰਦੀ ਹੈ ਤੇ ਓੜਕ ਨੂੰ ਉਹੀ ਆਪਜੀ ਦੀ ਮਹਿਮਾ ਦਾ ਗੁਣਗਾਨ ਵੀ ਕਰ ਸਕਦੇ ਹਨ । ਹੋਰ ਕਿੰਨੇ ਹੀ ਆਪਜੀ ਨਾਲ ਲਿਵ ਲਾਈ ਬੈਠੇ ਹਨ , 'ਨਾਨਕ' ਨਾ ਹੀ ਉਨ੍ਹਾਂ ਸਾਰਿਆਂ ਬਾਰੇ ਜਾਣਦਾ ਹੈ ਤੇ ਨਾ ਹੀ ਵਿਚਾਰ ਚਰਚਾ ਕਰ ਸਕਦਾ ਹੈ।

- ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥

ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ {ਪੰਨਾ 9}

ਭਾਵ ਅਰਥ:-

ਉਹ ਅਕਾਲ ਪੁਰਖ ਸਦਾ ਤੋਂ ਹੋਂਦ ਵਿੱਚ ਹੈ ਤੇ ਉਸਦਾ ਨਾਮ ਸਭ ਤੋਂ ਉੱਚਾ ਹੈ। ਉਹ ਸਦਾ ਹੀ,ਸੀ,ਹੈ ਤੇ ਰਹੇਗਾ ।ਉਸਦੇ ਨਾਲ ਨਾਲ ਉਸਦੀ ਬਣਾਈ ਕੁਦਰਤ ਨੂੰ ਵੀ ਅਸੀਂ ਪੂਰੀ ਤਰਾਂ ਵਿਆਖਿਆਨ ਨਹੀਂ ਕਰ ਸਕਦੇ।

- ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥

ਕਰਿ ਕਰਿ ਦੇਖੈ ਕੀਤਾ ਆਪਣਾ ਜਿਉ ਤਿਸ ਦੀ ਵਡਿਆਈ ॥ {ਪੰਨਾ 9}

ਭਾਵ ਅਰਥ:-

ਉਸ ਪ੍ਰਭੂ ਨੇ ਰੰਗ ਬਰੰਗੀ, ਤਰ੍ਹਾਂ ਤਰਾਂ ਦੀ ਤੇ ਵੰਨ ਸੁਵੰਨੀ ਮਾਇਆ ਰੂਪੀ ਕੁਦਰਤ ਪੈਦਾ ਕੀਤੀ ਹੈ ,ਉਸਦੀ ਪਾਲਣਾ ਵੀ ਆਪ ਹੀ ਕਰਦਾ ਹੈ । ਉਹ ਆਪਣੀ ਉਪਾਈ ਕੁਦਰਤ ਨੂੰ ਵੇਖ ਵੇਖ ਕੇ ਪ੍ਰਸੰਨ ਵੀ ਹੁੰਦਾ ਹੈ। ਇਹੀ ਉਸਦੀ ਉੱਤਮਤਾ ਦੀ ਨਿਸ਼ਾਨੀ ਹੈ।

- ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿਸਾਹਿਬੁ ਨਾਨਕ ਰਹਣੁ ਰਜਾਈ ॥੧॥ {ਪੰਨਾ 9}

ਭਾਵ ਅਰਥ:-

ਜੋ ਕੁਝ ਉਸ ਪ੍ਰਭੂ ਨੂੰ ਠੀਕ ਲੱਗਦਾ ਹੈ ,ਉਹ,ਉਹੀ ਕਰਦਾ ਹੈ।ਉਸਦੇ ਅੱਗੇ ਕਿਸੇ ਦੀ ਹੈਂਕੜ ਨਹੀਂ ਚੱਲ ਸਕਦੀ। ਭਾਵ ਮਰਜ਼ੀ ਨਹੀਂ ਪੁੱਗ ਸਕਦੀ ।ਉਹ ਪਰਮਾਤਮਾ ਸਾਰੇ ਜਗਤ ਦਾ ਪਾਤਸ਼ਾਹ ਹੈ ਤੇ ਪਾਤਸ਼ਾਹਾਂ ਦਾ ਵੀ ਪਾਤਸ਼ਾਹ ਹੈ ।

ਆਸਾ ਮਹਲਾ ੧ ॥

ਅਗਲੀ ਬਾਣੀ ਵੀ ਗੁਰੂ ਨਾਨਕ ਦੇਵ ਜੀ ਦੁਆਰਾ , "ਆਸਾ ਦੀ ਵਾਰ" ਸਿਰਲੇਖ ਹੇਠ ,ਜਾਗਤ ਜੋਤ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਹੈ।

- ਸੁਣਿ ਵਡਾ ਆਖੈ ਸਭੁ ਕੋਇ ॥ ਕੇਵਡੁ ਵਡਾ ਡੀਠਾ ਹੋਇ ॥ ਕੀਮਤਿ ਪਾਇ ਨ ਕਹਿਆ ਜਾਇ ॥ ਕਹਣੈ ਵਾਲੇ ਤੇਰੇ ਰਹੇ ਸਮਾਇ ॥੧॥ ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ ॥ ਕੋਇ ਨ ਜਾਣੈ ਤੇਰਾ ਕੇਤਾ ਕੇਵਡੁ ਚੀਰਾ ॥੧॥ ਰਹਾਉ ॥ ਸਭਿ ਸੁਰਤੀ ਮਿਲਿ ਸੁਰਤਿ ਕਮਾਈ ॥ ਸਭ ਕੀਮਤਿ ਮਿਲਿ ਕੀਮਤਿ ਪਾਈ ॥ ਗਿਆਨੀ ਧਿਆਨੀ ਗੁਰ ਗੁਰਹਾਈ ॥ ਕਹਣੁ ਨ ਜਾਈ ਤੇਰੀ ਤਿਲੁ ਵਡਿਆਈ ॥੨॥ ਸਭਿ ਸਤ ਸਭਿ ਤਪ ਸਭਿ ਚੰਗਿਆਈਆ ॥ ਸਿਧਾ ਪੁਰਖਾ ਕੀਆ ਵਡਿਆਈਆ ॥ ਤੁਧੁ ਵਿਣੁ ਸਿਧੀ ਕਿਨੈ ਨ ਪਾਈਆ ॥ ਕਰਮਿ ਮਿਲੈ ਨਾਹੀ ਠਾਕਿ ਰਹਾਈਆ ॥੩॥ ਆਖਣ ਵਾਲਾ ਕਿਆ ਵੇਚਾਰਾ ॥ ਸਿਫਤੀ ਭਰੇ ਤੇਰੇ ਭੰਡਾਰਾ ॥ ਜਿਸੁ ਤੂ ਦੇਹਿ ਤਿਸੈ ਕਿਆ ਚਾਰਾ ॥ ਨਾਨਕ ਸਚੁ ਸਵਾਰਣਹਾਰਾ ॥੪॥੨॥ {ਪੰਨਾ 9}

ਭਾਵ ਅਰਥ :-

ਹਰ ਜੀਅ ਹੋਰਾਂ ਪਾਸੋਂ ਸੁਣ ਸੁਣਾ ਕੇ ਕਹਿ ਦੇਂਦਾ ਹੈ ਕਿ ਹੇ! ਪ੍ਰਭੂ ਤੂੰ ਵੱਡਾ ਹੈਂ।ਪਰ ਤੂੰ ਕਿੰਨਾ ਬੇਅੰਤ ਹੈਂ,ਤੇਰੇ ਦਰਸ਼ਨਾਂ ਤੋਂ ਬਾਅਦ ਹੀ ਦੱਸਿਆ ਜਾ ਸਕਦਾ ਹੈ। ਆਪਜੀ ਦੀ ਤਸ਼ਬੀਹ ਕਿਸੇ ਹੋਰ ਨਾਲ ਨਹੀਂ ਦਿੱਤੀ ਜਾ ਸਕਦੀ। ਤੇਰਾ ਨਾਮ ਜਪਣ ਵਾਲੇ,ਜਦੋਂ ਪੂਰਣ ਰੂਪ ਵਿੱਚ ਆਪਜੀ ਨੂੰ ਸਮਰਪਿਤ ਹੋ ਜਾਂਦੇ ਹਨ ਤਾਂ ,ਉਹ ਆਪਜੀ ਦੇ ਵਿੱਚ ਆਪ ਹੀ ਸਮਾਅ ਜਾਂਦੇ ਹਨ ,ਭਾਵ ਆਪਦਾ ਹੀ ਰੂਪ ਹੋ ਜਾਂਦੇ ਹਨ। ਹੇ! ਸੱਚੇ ਪਾਤਸ਼ਾਹ ਆਪ ਵਿਸ਼ਾਲ ਤੋਂ ਵੀ ਵਿਸ਼ਾਲ ਸਮੁੰਦਰ ਦੀ ਨਿਆਈਂ ਹੋ ।ਕੋਈ ਵੀ ਜੀਵ ਆਪਜੀ ਵਿੱਚ ਲੀਨ ਹੋ ਕੇ ,ਆਪਜੀ ਦੀ ਵਿਸ਼ਾਲਤਾ ਦੀ ਸਹੀ ਚਰਚਾ ਨਹੀਂ ਕਰ ਸਕਦਾ। ਆਪਜੀ ਦੀ ਵਿਸ਼ਾਲਤਾ ਜਾਨਣ ਲਈ ਵੱਡੇ ਵੱਡੇ ਸਾਧੂ ,ਸੰਤਾਂ , ਮਹਾਤਮਾਂ ਤੇ ਜੋਗੀਆਂ ਨੇ ਸਮਾਧੀਆਂ ਲਾਈਆਂ ਤੇ ਸਖਤ ਤਪ ਕੀਤੇ,ਮੁੜ ਮੁੜ ਯਤਨ ਕੀਤੇ, ਵੱਡੇ ਵੱਡੇ ਵਿਦਵਾਨਾਂ ਤੇ ਚਿੰਤਕਾਂ ਨੇ ਇਕੱਠੇ ਬੈਠ ,ਗਹਰੀ ਸੋਚ ਵਿਚਾਰ ਕੀਤੀ, ਪਰ ਤੇਰੀ ਹਸਤੀ ਤੇ ਵਿਸ਼ਾਲਤਾ ਦਾ ਇੱਕ ਤਿਲ ਜਿੰਨਾ ਵੀ ਅਨੁਮਾਨ ਨਹੀਂ ਦੱਸ ਸਕੇ। ਜਿਸ ਕਿਸੇ ਨੂੰ ਸਿੱਧੀ ਹਾਸਿਲ ਹੋਈ,ਉਹ ਤੇਰੀ ਹੀ ਮਿਹਰ ਨਾਲ ਹੋਈ ਤੇ ਉਸ ਵਿੱਚ ਕੋਈ ਹੋਰ ਰੋੜਾ ਨਹੀਂ ਅੜਾ ਸਕਿਆ ।

ਹੇ ਦਾਤਾ ! ਆਪ ਦੇ ਗੁਣਾਂ ਦੇ ਖ਼ਜ਼ਾਨੇ ਭਰਪੂਰ ਹਨ। ਜੀਵ ਦੀ ਕੀ ਹਸਤੀ ਹੈ,ਕਿ ਇਨਾਂ ਗੁਣਾਂ ਦਾ ਬਿਆਨ ਕਰ ਸਕੇ । ਜਿਸਨੂੰ ਤੂੰ ਸਿਫ਼ਤ ਸਲਾਹ ਬਖਸ਼ਦਾ ਹੈਂ, ਉਸਦੇ ਰਾਹ ਵਿੱਚ ਅੜਿੱਕਾ ਲਾਉਣ ਦੀ ਵੀ ਕਿਸੇ ਦੀ ਹਸਤੀ ਨਹੀਂ।ਹੇ ਨਾਨਕ! ਉਹ ਪ੍ਰਭੂ, ਅਜਿਹੇ ਭਾਗਾਂ ਵਾਲਿਆਂ ਨੂੰ ਆਪ ਸਵਾਰਦਾ ਹੈ।

ਆਸਾ ਮਹਲਾ ੧ ॥

ਆਖਾ ਜੀਵਾ ਵਿਸਰੈ ਮਰਿ ਜਾਉ ॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥ ਉਤੁ ਭੂਖੈ ਖਾਇ ਚਲੀਅਹਿ ਦੂਖ ॥੧॥ ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ ਸਾਹਿਬੁ ਸਾਚੈ ਨਾਇ ॥੧॥ ਰਹਾਉ ॥ ਸਾਚੇ ਨਾਮ ਕੀ ਤਿਲੁ ਵਡਿਆਈ ॥ ਆਖਿ ਥਕੇ ਕੀਮਤਿ ਨਹੀ ਪਾਈ ॥ ਜੇ ਸਭਿ ਮਿਲਿ ਕੈ ਆਖਣ ਪਾਹਿ ॥ ਵਡਾ ਨ ਹੋਵੈ ਘਾਟਿ ਨ ਜਾਇ ॥੨॥ ਨਾ ਓਹੁ ਮਰੈ ਨ ਹੋਵੈ ਸੋਗੁ ॥ ਦੇਦਾ ਰਹੈ ਨ ਚੂਕੈ ਭੋਗੁ ॥ ਗੁਣੁ ਏਹੋ ਹੋਰੁ ਨਾਹੀ ਕੋਇ ॥ ਨਾ ਕੋ ਹੋਆ ਨਾ ਕੋ ਹੋਇ ॥੩॥ ਜੇਵਡੁ ਆਪਿ ਤੇਵਡ ਤੇਰੀ ਦਾਤਿ ॥ ਜਿਨਿ ਦਿਨੁ ਕਰਿ ਕੈ ਕੀਤੀ ਰਾਤਿ ॥ ਖਸਮੁ ਵਿਸਾਰਹਿ ਤੇ ਕਮਜਾਤਿ ॥ ਨਾਨਕ ਨਾਵੈ ਬਾਝੁ ਸਨਾਤਿ ॥੪॥੩॥ {ਪੰਨਾ 9}

ਭਾਵ ਅਰਥ:-

ਹੇ ! ਨਿਰੰਕਾਰ,ਮੈਂ ਆਪਦੇ ਨਾਮ ਦੀ ਟੇਕ ਆਸਰੇ ਜੀਂਦਾ ਹਾਂ ,ਜੇ ਕਿਤੇ ਆਪ ਦਾ ਸਿਮਰਨ ਭੁੱਲ ਜਾਵਾਂ ਤਾਂ ਮੈਂ ਖਤਮ ਹੋ ਜਾਵਾਂਗਾ । ਹਾਂ,ਆਪਦਾ ਤਨਦੇਹੀ ਨਾਲ ਜਾਪ ਸੌਖਾ ਨਹੀਂ। ਜਿਸਦੇ ਮਨ ਅੰਦਰ ਆਪਜੀ ਦੇ ਨਾਮ ਦੀ ਤਾਂਘ{ਭੁੱਖ} ਲੱਗੀ ਹੋਵੇ ,ਉਹ ਜਪ ਨਾਲ ਹੀ ਮਿਟਦੀ ਹੈ। ਹੇ ਮੇਰੀ ਮਾਂ! ,ਫਿਰ ਅਸੀਂ ਉਸ ਸੱਚੇ ਪ੍ਰਭੂ ਨੂੰ ਕਿਓਂ ਭੁਲਾਈਏ,ਜਿਹੜਾ ਆਪ ਥਿਰ ਰਹਿਣ ਵਾਲਾ ਹੈ ।ਅਸੀਂ ਅਸਲ ਵਿੱਚ ਉਸਦੀ ਤਿਲ ਮਾਤਰ ਵੀ ਵਿਸ਼ਾਲਤਾ ਨਹੀਂ ਜਾਣਦੇ। ਕਹਿਣ ਨੂੰ ਭਾਵੇਂ ਜਿੰਨਾ ਮਰਜ਼ੀ ਕਹੀ ਜਾਈਏ ਕਿ ਉਹ ਪਰਮਾਤਮਾ ਬਹੁਤ ਵੱਡਾ ਹੈ। ਬਹੁਤ ਲੋਕ ਇਹ ਬਖਿਆਨ ਕਰ ਕਰਕੇ ਥਕ ਗਏ ,ਪਰ ਉਸਦਾ ਅੰਤ ਨਹੀਂ ਲੱਭ ਸਕੇ।

ਦੂਜੇ ਪਾਸੇ, ਜੇ ਸਾਰੇ ਰਲਕੇ ਵੀ "ਉਸਨੂੰ ਵੱਡਾ"ਕਹਿਣ ਲੱਗ ਪੈਣ ਤਾਂ ਵੀ ਉਸਦੀ ਵਿਸ਼ਾਲਤਾ ਵਿੱਚ ਕੋਈ ਫਰਕ ਨਹੀਂ ਪੈਂਦਾ।ਉਹ ਦਾਤਾਰ ਜੀਵਾਂ ਨੂੰ ਲਗਾਤਾਰ ਦਾਤਾਂ ਦੇ ਰਿਹਾ ਹੈ ਤੇ ਉਹ ਇਨਾਂ ਨਿਆਮਤਾਂ ਨੂੰ ਵਰਤ ਰਹੇ ਹਨ । ਉਸਦਾ ਇਹੋ ਹੀ ਵੱਡਾ ਗੁਣ ਹੈ , ਇਸਤੋਂ ਇਲਾਵਾ ਕੋਈ ਹੋਰ ਗੁਣ ਨਹੀਂ ਹੈ ,ਨਾ ਕੋਈ ਇਸ ਬਰਾਬਰ ਪੈਦਾ ਹੋਇਆ ਹੈ ਤੇ ਨਾ ਹੀ ਹੋਵੇਗਾ। ਇਸਦੇ ਨਾਲ ਹੀ ,ਇਹ ਵੀ ਸੱਚਾਈ ਹੈ ਕਿ ਉਸਦੀ ਵਿਸ਼ਾਲਤਾ ਦੇ ਬਰਾਬਰ ਹੀ ਉਸਦੀਆਂ ਦਾਤਾਂ ਵੀ ਵਿਸ਼ਾਲ ਹਨ। ਉਸੇ ਨੇ ਦਿਨ ਤੇ ਰਾਤ ਸਿਰਜੇ ਹਨ। ਇਨਾਂ ਕੁਝ ਦਾਤਾਂ ਲੈਣ ਕੇ ਜਿਹੜਾ ਕਿ ਮਾਲਿਕ ਨੂੰ ਵਿਸਾਰ ਦੇਂਦਾ ਹੈ,ਉਹ ਕਾਫ਼ਿਰ ਹੀ ਅਖਵਾਉਣ ਯੋਗ ਹੋਵੇਗਾ। ਹੇ ਨਾਨਕ ਅਜਿਹੇ ਜੀਵ ਨੀਚ ਅਖਵਾਉਂਦੇ ਹਨ।

**ਅੰਗ 10**

ਰਾਗੁ ਗੂਜਰੀ ਮਹਲਾ ੪

ਹਰਿ ਕੇ ਜਨ ਸਤਿਗੁਰ ਸਤਪੁਰਖਾ ਬਿਨਉ ਕਰਉ ਗੁਰ ਪਾਸਿ ॥ ਹਮ ਕੀਰੇ ਕਿਰਮ ਸਤਿਗੁਰ ਸਰਣਾਈ ਕਰਿ ਦਇਆ ਨਾਮੁ ਪਰਗਾਸਿ ॥੧॥ ਮੇਰੇ ਮੀਤ ਗੁਰਦੇਵ ਮੋ ਕਉ ਰਾਮ ਨਾਮੁ ਪਰਗਾਸਿ ॥ ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ ॥੧॥ ਰਹਾਉ ॥ ਹਰਿ ਜਨ ਕੇ ਵਡ ਭਾਗ ਵਡੇਰੇ ਜਿਨ ਹਰਿ ਹਰਿ ਸਰਧਾ ਹਰਿ ਪਿਆਸ ॥ ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ ਮਿਲਿ ਸੰਗਤਿ ਗੁਣ ਪਰਗਾਸਿ ॥੨॥ ਜਿਨ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ ॥ ਜੋ ਸਤਿਗੁਰ ਸਰਣਿ ਸੰਗਤਿ ਨਹੀ ਆਏ ਧ੍ਰਿਗੁ ਜੀਵੇ ਧ੍ਰਿਗੁ ਜੀਵਾਸਿ ॥੩॥ ਜਿਨ ਹਰਿ ਜਨ ਸਤਿਗੁਰ ਸੰਗਤਿ ਪਾਈ ਤਿਨ ਧੁਰਿ ਮਸਤਕਿ ਲਿਖਿਆ ਲਿਖਾਸਿ ॥ ਧਨੁ ਧੰਨੁ ਸਤਸੰਗਤਿ ਜਿਤੁ ਹਰਿ ਰਸੁ ਪਾਇਆ ਮਿਲਿ ਜਨ ਨਾਨਕ ਨਾਮੁ ਪਰਗਾਸਿ ॥੪॥੪॥ {ਪੰਨਾ 10}

ਉਪਰੋਕਤ ਸ਼ਬਦ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਅੰਗ 10 ਉਪਰ ਸੁਸ਼ੋਭਤ, ਚੌਥੇ ਨਾਨਕ , ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦੁਆਰਾ ,ਰਾਗ ਗੂਜਰੀ ਵਿੱਚ ਉਚਰਿਤ ਹੈ ।

ਭਾਵ ਅਰਥ :-

ਸਾਹਿਬ ਸ਼੍ਰੀ ਗੁਰੂ ਰਾਮਦਾਸ ਜੀ ਮਹਾਰਾਜ,ਨਿਮਰਤਾ ਦੀ ਨਿਰਮਾਣਤਾ ਦੇ ਘਰ ਵਿੱਚ ਗਹਿਰਾਈ ਨਾਲ ਸਤਿਗੁਰੂ ਅੱਗੇ ਬਿਨਵੰਤਿ ਹਨ ਤੇ ਅਰਜ਼ੋਈ ਕਰ ਰਹੇ ਹਨ ,ਹੇ ਸੱਚੇ ਗੁਰੂ, ਮੇਰੇ ਸੱਜਣ ਪੁਰਖ ਜੀਓ , ਮੈਨੂੰ ਕੀੜੇ ਮਕੌੜੇ ਜਿਹੇ ਮਨੁੱਖ ਨੂੰ {ਜੋ ਆਪਦੀ ਸ਼ਰਨ ਆ ਪਿਆ ਹੈ} ਉਸ ਪ੍ਰਭੂ ਪ੍ਰਮਾਤਮਾ ਦਾ ਨਾਮ ਦਾਨ ਬਖਸ਼ਿਸ਼ ਕਰੋ ਤਾਂ ਜੋ ਮੈਂ ਵੀ ਆਪਣੇ ਜੀਵਨ ਨੂੰ ਰੌਸ਼ਨਾ ਸਕਾਂ। ਗੁਰੂ ਦੁਆਰਾ ਦੱਸੀ ਹੋਈ,ਉਸ ਪਾਰਬ੍ਰਹਮ ਦੀ ਸਿਫਤ ਸਲਾਹ ਜੀਵਨ ਦੇ ਸਫ਼ਰ ਵਿੱਚ ਸਦਾ ਲਈ ਰਾਸ ਪੂੰਜੀ ਬਣੀ ਰਹੇ॥ ।ਰਹਾਉ {ਉਪਰੋਕਤ ਬਾਣੀ ਨੂੰ ਸਮਝਣ ਲਈ ਠਹਿਰਾਉ} ।

ਗੋਬਿੰਦ ਦੇ ਉਹਨਾਂ ਜੀਵਾਂ ਦੇ ਵੱਡੇ ਭਾਗ ਨੇ ,ਜਿਨਾਂ ਦੇ ਮਨਾਂ ਵਿੱਚ ਉਸਦੀ ਉਸਤਤ ਲਈ ਚਾਹਤ ਹੈ, ਤਮੰਨਾ ਹੈ। ਹਰਿ ਪ੍ਰਭੂ ਦਾ ਨਾਮ ਸਿਮਰਨ ਤੇ ਸਾਧ ਸੰਗਤ ਮਿਲਣ ਨਾਲ ਮਨ ਤ੍ਰਿਪਤ ਹੋਣ ਦੇ ਨਾਲ ਨਾਲ ਵਿਕਾਰਾਂ ਦੇ ਹਨੇਰੇ ਤੋਂ ਬਚਣ ਦੀ ਰੌਸ਼ਨੀ ਵੀ ਮਿਲਦੀ ਹੈ। ਉਹ ਜੀਵ ਬੇਭਾਗੇ ਹਨ ਤੇ ਉਨਾਂ ਨੂੰ ਜਮਾਂ ਦੀ ਮਾਰ ਪੈਂਦੀ ਹੈ ,ਜਿਨਾਂ ਨੂੰ ਹਰਿ ਨਾਮੁ ਦੀ ਪ੍ਰਾਪਤੀ ਨਹੀਂ ਹੁੰਦੀ। ਉਨਾਂ ਦਾ ਇਸ ਮਾਤ ਲੋਕ ਤੇ ਆਉਣਾ ਤੇ ਜੀਵਨਾ ਧਿਕਾਰਣਯੋਗ ਹੈ , ਜਿਨਾਂ ਸਤਿਗੁਰੂ ਦਾ ਸਾਥ ਨਹੀਂ ਕੀਤਾ। ਜਿੰਨਾਂ ਦੇ ਕਰਮਾਂ ਵਿੱਚ ਧੁਰੋਂ ਹੀ ਲਿਖਿਆ ਹੋਵੇ,ਉਨਾਂ ਨੂੰ ਹੀ ਸੱਚੇ ਗੁਰੂ ਦਾ ਸਾਥ ਤੇ ਮਾਰਗਦਰਸ਼ਨ ਮਿਲਦਾ ਹੈ। ਭਾਵ ਉਸਨੂੰ ਹੀ ਨਿਰੰਕਾਰ ਦੀ ਪ੍ਰਾਪਤੀ ਹੋ ਜਾਂਦੀ ਹੈ। ਹੇ ਨਾਨਕ! ਉਹ ਸਾਧ ਸੰਗਤ ਮੁਬਾਰਕ ਹੈ ,ਜਿਸਨੂੰ ਗੁਰੂ ਦੁਆਰਾ ਪ੍ਰਭੂ ਨਾਲ ਜੁੜਨ ਲਈ ਰੌਸ਼ਨੀ ਲੱਭ ਜਾਂਦੀ ਹੈ।

ਰਾਗੁ ਗੂਜਰੀ ਮਹਲਾ ੫ ॥

ਕਾਹੇ ਰੇ ਮਨ ਚਿਤਵਹਿ ਉਦਮੁ ਜਾ ਆਹਰਿ ਹਰਿ ਜੀਉ ਪਰਿਆ ॥ ਸੈਲ ਪਥਰ ਮਹਿ ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ ਧਰਿਆ ॥੧॥ ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸੁ ਤਰਿਆ ॥ ਗੁਰ ਪਰਸਾਦਿ ਪਰਮ ਪਦੁ ਪਾਇਆ ਸੂਕੇ ਕਾਸਟ ਹਰਿਆ ॥੧॥ ਰਹਾਉ ॥ ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ ॥ ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ ਭਉ ਕਰਿਆ ॥੨॥ ਊਡੇ ਊਡਿ ਆਵੈ ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ ॥ ਤਿਨ ਕਵਣੁ ਖਲਾਵੈ ਕਵਣੁ ਚੁਗਾਵੈ ਮਨ ਮਹਿ ਸਿਮਰਨੁ ਕਰਿਆ ॥੩॥ ਸਭਿ ਨਿਧਾਨ ਦਸ ਅਸਟ ਸਿਧਾਨ ਠਾਕੁਰ ਕਰ ਤਲ ਧਰਿਆ ॥ ਜਨ ਨਾਨਕ ਬਲਿ ਬਲਿ ਸਦ ਬਲਿ ਜਾਈਐ ਤੇਰਾ ਅੰਤੁ ਨ ਪਾਰਾਵਰਿਆ ॥੪॥੫॥ {ਪੰਨਾ 10}

